
ਵੀਰਵਾਰ ਸੈਪਸ਼ਲ

ਵੀਰਵਾਰ, 09 ਜਨਵਰੀ 2025

ਲੋਕ ਬਾਣੀ



# ਮੰਗ ਕੇ ਲਏ ਕੰਬਲ ਦਾ ਨਿੱਘ



ਜੇਕਰ ਕੰਬਲ ਦੀ ਮਹਾਨਤਾ ਦੀ ਗੱਲ ਕਰੀਏ ਤਾਂ ਪੁਰਾਤਨ ਸਮੇਂ ਤੋਂ ਹੀ ਕੰਬਲ ਦੀ ਮਹਾਨਤਾ ਰਹੀ ਹੈ। ਵਿਆਹਾਂ ਦੀਆਂ ਰਸਮਾਂ 'ਚ ਮਿਲਣੀ ਸਮੇਂ ਦੋ ਪਰਿਵਾਰਾਂ ਦੇ ਮਿਲਣ ਸਮੇਂ ਕੰਬਲ ਅਹਿਮ ਸਥਾਨ ਰੱਖਦਾ ਹੈ।ਕੁੜੀ ਵਾਲਿਆਂ ਵਲੋਂ ਕੰਬਲ ਉੱਤੇ ਪੈਸੇ ਰੱਖਕੇ ਮੁੰਡੇ ਵਾਲੇ ਪਰਿਵਾਰ ਦਾ ਮਾਣ ਵਧਾਇਆ ਜਾਂਦਾ ਹੈ। ਜਿਸ ਨਾਲ ਇੱਕ ਦੂਸਰੇ ਨਾਲ ਨੇੜਤਾ ਅਤੇ ਰਿਸ਼ਤੇ ਦੀ ਸਾਂਝ ਵਧ ਜਾਂਦੀ ਹੈ। ਵਿਆਹਾਂ ਦੀਆਂ ਹੋਰ ਵੀ ਕਈ ਰਸ਼ਮਾਂ 'ਚ ਕੰਬਲ ਨੂੰ ਵਡਿਆਈ ਵਜੋਂ ਦਿੱਤਾ ਜਾਂਦਾ ਹੈ। ਕਈ ਵਾਰੀ ਕੰਬਲ ਨਾ ਮਿਲਣ ਤੇ ਰਿਸ਼ਤਿਆਂ 'ਚ ਨਰਾਜ਼ਗੀ ਦੇਖਣ ਤੇ ਸੁਣਨ ਮਿਲ ਜਾਂਦੀ ਹੈ। ਪੁਰਾਤਨ ਸਮੇਂ ਵਿੱਚ ਮੋਬਾਇਲ ਕਲਚਰ ਨਾ ਹੋਣ ਕਰਕੇ ਜਿਸ ਦਾ ਬਹੁਤ ਦੇਰ ਬਾਅਦ ਪਤਾ ਲੱਗਦਾ ਸੀ । ਕਈ ਵਾਰੀ ਕੰਬਲ ਮੰਗ ਕੇ ਵੀ ਨਰਾਜ਼ਗੀ ਦੂਰ ਕਰ ਲਈ ਜਾਂਦੀ ਸੀ।

ਅਜੋਕੇ ਸਮੇਂ ਅੰਦਰ ਕੰਬਲ ਨੂੰ ਗਿਫਟ ਵਜੋਂ ਵੀ ਦਿੱਤਾ ਜਾਣ ਲੱਗ ਪਿਆ ਹੈ। ਕੰਬਲ ਨਾ ਮਿਲਣ ਤੇ ਰੁਸ਼ਣਾਂ-ਰੁਸ਼ਾਉਂਣਾ ਅੱਜ ਵੀ ਕਾਇਮ ਹੈ। ਅਜੋਕੇ ਸਮੇਂ ਵਿੱਚ ਕੰਬਲ ਨਾ ਮਿਲਣ 'ਤੇ ਝੱਟ ਫੋਨ ਕਰਕੇ ਮੰਗ ਲਿਆ ਜਾਂਦਾ ਹੈ। ਵਡਿਆਈ 'ਚ ਮਿਲਿਆ ਕੰਬਲ ਰਿਸ਼ਤੇਦਾਰਾਂ,ਦੋਸਤਾਂ,ਮਿਤਰਾਂ ਵਿੱਚ ਮਾਣ ਵਧਾਉਂਦਾ ਹੈ। ਦੂਸਰੇ ਪਾਸੇ ਜਦੋਂ ਅਸੀਂ ਕੰਬਲ ਮੰਗ ਕੇ ਲੈਂਦੇ ਹਾਂ ਤਾਂ ਸਮਾਜ ਅੰਦਰ ਕੱਦ ਨੀਵਾਂ ਹੋ ਜਾਂਦਾ ਹੈ। ਸਿਆਣਿਆ ਦਾ ਕਹਿਣਾ ਕਿ 'ਮੰਗ ਪਾਏ ਕੱਪੜੇ ਅਤੇ ਗਹਿਣੇ ਇਨਸ਼ਾਨ ਦਾ ਅੱਧਾ ਰੂਪ ਗਵਾ ਦਿੰਦੇ ਹਨ'। ਛੱਡ ਮਨਾਂ ਤੈਂਨੂੰ ਕੀ,ਆਪਾਂ ਦਾ ਨਿੱਘ ਮਾਨਣਾ। ਨਿੱਘ ਵਡਿਆਈ ਵਿੱਚ ਮਿਲੇ ਕੰਬਲ ਦਾ ਅਤੇ ਮੰਗ ਕੇ ਲਏ ਕੰਬਲ ਦਾ ਇੱਕੋ ਬਰਾਬਰ ਹੁੰਦਾ ਹੈ।



ਕਾਲਾ ਸਿੰਘ ਸੈਣੀ

56,ਸਵਰਾਜ ਨਗਰ,ਖਰੜ,ਮੋਹਾਲੀ।




ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਵੀਰਵਾਰ, 09 ਜਨਵਰੀ 2025

Email:- lokbani08@gmail.com

R. N. I. Punpun/29016/2008 * ਸਾਲ 16 , * ਅੰਕ : 208, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111




ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ


ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

## ਹਵਾਈ ਜਹਾਜ਼ ਹੋਇਆ ਹਾਦਸਾਗ੍ਰਸਤ ਤਿੰਨ ਦੀ ਮੌਤ ਤਿੰਨ ਜ਼ਖਮੀ



ਆਸਟ੍ਰੇਲੀਆ, ਲੋਕ ਬਾਣੀ- ਆਸਟਰੇਲੀਅਨ ਟੂਰਿਸਟ ਟਾਪੂ ਤੋਂ ਉਡਾਣ ਭਰਨ ਦੌਰਾਨ ਜਹਾਜ਼ ਹਾਦਸਾਗ੍ਰਸਤ ਹੋ ਗਿਆ, ਜਿਸ ਕਾਰਨ ਸਵਿਸ ਅਤੇ ਡੈਨਿਸ਼ ਸੈਲਾਨੀਆਂ ਸਮੇਤ ਤਿੰਨ ਲੋਕਾਂ ਦੀ ਮੌਤ ਹੋ ਗਈ ਅਤੇ ਤਿੰਨ ਹੋਰ ਜ਼ਖ਼ਮੀ ਹੋ ਗਏ। ਪੁਲੀਸ ਨੇ ਦੱਸਿਆ ਕਿ ਰੋਟਨੇਸਟ ਟਾਪੂ 'ਤੇ ਮੰਗਲਵਾਰ ਦੁਪਹਿਰ ਨੂੰ ਹੋਏ ਹਾਦਸੇ ਵਿਚ ਜਹਾਜ਼ ਸਵਾਰ ਸੱਤ ਵਿਅਕਤੀਆਂ ਵਿੱਚੋਂ ਸਿਰਫ਼ ਇੱਕ ਨੂੰ ਬਿਨਾਂ ਸੱਟ ਤੋਂ ਬਚਾਇਆ ਗਿਆ। ਸਵਾਨ ਰਿਵਰ ਸੀਪਲੇਨ ਦੀ ਮਲਕੀਅਤ ਵਾਲਾ ਜਹਾਜ਼ ਰੋਟਨੇਸਟ ਟਾਪੂ ਤੋਂ 30 ਕਿਲੋਮੀਟਰ ਪੂਰਬ ਵਿਚ ਪੱਛਮੀ ਆਸਟ੍ਰੇਲੀਆ ਰਾਜ ਦੀ ਰਾਜਧਾਨੀ ਪਰਥ ਵਿਚ ਆਪਣੇ ਬੇਸ 'ਤੇ ਵਾਪਸ ਆ ਰਿਹਾ ਸੀ।

## ਸੱਜਣ ਕੁਮਾਰ ਖ਼ਿਲਾਫ਼ ਕੇਸ ਦਾ ਫੈਸਲਾ ਆਵੇਗਾ 21 ਜਨਵਰੀ ਨੂੰ



ਦਿੱਲੀ, ਲੋਕ ਬਾਣੀ-ਦਿੱਲੀ ਦੀ ਇੱਕ ਅਦਾਲਤ 21 ਜਨਵਰੀ ਨੂੰ ਕਾਂਗਰਸ ਦੇ ਸਾਬਕਾ ਸੰਸਦ ਮੈਂਬਰ ਸੱਜਣ ਕੁਮਾਰ ਵਿਰੁੱਧ 1984 ਦੇ ਸਿੱਖ ਵਿਰੋਧੀ ਦੰਗਿਆਂ ਦੇ ਕਤਲ ਕੇਸ ਵਿੱਚ ਆਪਣਾ ਫੈਸਲਾ ਸੁਣਾਏਗੀ। ਇਹ ਮਾਮਲਾ ਦੰਗਿਆਂ ਦੌਰਾਨ ਸਰਸਵਤੀ ਵਿਹਾਰ ਖੇਤਰ ਵਿੱਚ ਦੋ ਵਿਅਕਤੀਆਂ ਦੀ ਕਥਿਤ ਹੱਤਿਆ ਨਾਲ ਜੁੜਿਆ ਹੋਇਆ ਹੈ

ਵਿਸ਼ੇਸ਼ ਜੱਜ ਕਾਵੇਰੀ ਬਵੇਜਾ ਨੇ ਬੁੱਧਵਾਰ ਨੂੰ ਫੈਸਲਾ ਟਾਲਦਿਆਂ ਅਗਲੀ ਤਰੀਕ 21 ਜਨਵਰੀ ਤੈਅ ਕੀਤੀ ਹੈ। ਸੱਜਣ ਕੁਮਾਰ ਜੋ ਇਸ ਸਮੇਂ ਤਿਹਾੜ ਕੇਂਦਰੀ ਜੇਲ੍ਹ ਵਿੱਚ ਬੰਦ ਹੈ, ਵੀਡੀਓ ਕਾਨਫਰੰਸਿੰਗ ਰਾਹੀਂ ਅਦਾਲਤ ਵਿੱਚ ਪੇਸ਼ ਹੋਇਆ।

## ਝਾਰਖੰਡ ਚ ਵਾਪਰੀਆਂ ਭਿਆਨਕ ਹਾਦਸਾ ਚਾਰ ਦੀ ਮੌਤ 8 ਬੱਚੇ ਜ਼ਖ਼ਮੀ



ਰਾਮਗੜ੍ਹ, ਲੋਕ ਬਾਣੀ- ਝਾਰਖੰਡ ਵਿੱਚ ਵਾਪਰੇ ਇਕ ਭਿਆਨਕ ਸੜਕ ਹਾਦਸੇ ਵਿੱਚ ਤਿੰਨ ਸਕੂਲੀ ਬੱਚਿਆਂ ਸਮੇਤ ਘੱਟੋ ਘੱਟ ਚਾਰ ਦੀ ਮੌਤ ਹੋ ਗਈ ਅਤੇ ਅੱਠ ਹੋਰ ਜ਼ਖਮੀ ਹੋ ਗਏ। ਝਾਰਖੰਡ ਦੇ ਰਾਮਗੜ੍ਹ ਜ਼ਿਲ੍ਹੇ ਦੇ ਗੋਲਾ ਥਾਣਾ ਖੇਤਰ ਵਿੱਚ ਤਿਰਲਾ ਚੌਕ ਨੇੜੇ ਬੁੱਧਵਾਰ ਸਵੇਰੇ ਇੱਕ ਦਰਦਨਾਕ ਸੜਕ ਹਾਦਸਾ ਵਾਪਰਿਆ। ਇਹ ਹਾਦਸਾ ਉਸ ਸਮੇਂ ਵਾਪਰਿਆ ਜਦੋਂ ਆਲੂਆਂ ਨਾਲ ਭਰਿਆ ਟਰੱਕ ਪਲਟ ਕੇ ਸਕੂਲੀ ਵਿਦਿਆਰਥੀਆਂ ਨੂੰ ਲੈ ਕੇ ਜਾ ਰਹੇ ਆਟੋ-ਰਿਕਸ਼ਾ 'ਤੇ ਜਾ ਡਿੱਗਾ।

## ਸੁਖਬੀਰ ਬਾਦਲ ਦੇ ਫੈਸਲੇ ਬਾਰੇ ਅਕਾਲੀ ਦਲ ਨੇ ਬੁਲਾਈ ਮੀਟਿੰਗ



ਅਮ੍ਰਿਤਸਰ, ਲੋਕ ਬਾਣੀ- ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੇ ਪਾਰਟੀ ਦੀ ਵਰਕਿੰਗ ਕਮੇਟੀ ਦੀ ਮੀਟਿੰਗ 10 ਜਨਵਰੀ ਨੂੰ ਸੱਦ ਲਈ ਹੈ। ਇਸ ਮੀਟਿੰਗ ਵਿੱਚ ਸੁਖਬੀਰ ਸਿੰਘ ਬਾਦਲ ਵੱਲੋਂ ਅਕਾਲੀ ਦਲ ਦੇ ਪ੍ਰਧਾਨ ਦੇ ਅਹੁਦੇ ਤੋਂ ਦਿੱਤੇ ਗਏ ਅਸਤੀਫੇ ਅਤੇ ਪਾਰਟੀ ਦੀ ਭਰਤੀ ਮੁਹਿੰਮ ਸਮੇਤ ਜਥੇਬੰਦਕ ਢਾਂਚੇ ਦੇ ਪੁਨਰਗਠਨ ਬਾਰੇ ਫ਼ੈਸਲਾ ਲਿਆ ਜਾਵੇਗਾ।


ਇਸ ਗੱਲ ਦਾ ਪ੍ਰਗਟਾਵਾ ਪਾਰਟੀ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਕੀਤਾ ਹੈ। ਡਾ. ਚੀਮਾ ਨੇ ਕਿਹਾ ਕਿ ਪਾਰਟੀ ਦੀ ਵਰਕਿੰਗ ਕਮੇਟੀ ਦੀ ਮੀਟਿੰਗ ਪਾਰਟੀ ਦੇ ਮੁੱਖ ਦਫਤਰ ਵਿਚ ਹੋਵੇਗੀ।

## ਪੰਜਾਬ ਸਕੂਲ ਸਿੱਖਿਆ ਬੋਰਡ ਨੇ ਅੱਠਵੀਂ ਤੇ ਦਸਵੀਂ ਡੇਟਸੀਟ ਕੀਤੀ ਜਾਰੀ



ਚੰਡੀਗੜ੍ਹ, ਵਿਨੋਦ ਸ਼ਰਮਾ*-ਪੰਜਾਬ ਸਕੂਲ ਸਿੱਖਿਆ ਬੋਰਡ ਦੀ ਅੱਠਵੀਂ, ਦਸਵੀਂ ਅਤੇ ਬਾਰਵੀਂ ਸ਼੍ਰੇਣੀ ਫਰਵਰੀ/ਮਾਰਚ 2025 ਦੀ ਸਲਾਨਾ ਪ੍ਰੀਖਿਆ (ਸਮੇਤ ਓਪਨ ਸਕੂਲ) ਮਿਤੀ 19.2.2025 ਤੋਂ ਸ਼ੁਰੂ ਕਰਵਾਈ ਜਾਣੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਬੋਰਡ ਦੇ ਬੁਲਾਰੇ ਨੇ ਦੱਸਿਆ ਕਿ ਅੱਠਵੀਂ ਸ਼੍ਰੇਣੀ ਦੀ ਪ੍ਰੀਖਿਆ ਮਿਤੀ 19.2.2025 ਤੋਂ 7.3.2025 ਤੱਕ ਦਸਵੀਂ ਸ਼੍ਰੇਣੀ ਦੀ ਪ੍ਰੀਖਿਆ ਮਿਤੀ 10.3.2025 ਤੋਂ 4.4.2025 ਤੱਕ ਅਤੇ ਬਾਰਵੀ ਸ਼੍ਰੇਣੀ ਦੀ ਪ੍ਰੀਖਿਆ ਮਿਤੀ 19.2.2025 ਤੋਂ 4.4.2025 ਤੱਕ ਬੋਰਡ ਵਲੋਂ ਸਥਾਪਤ ਪ੍ਰੀਖਿਆ ਕੇਂਦਰਾਂ ਵਿਚ ਕਰਵਾਈ ਜਾਵੇਗੀ।

## ਜਲੰਧਰ ਦੇ ਮੇਅਰ ਨੂੰ ਚੁਣਨ ਦੀ ਤਰੀਕ 11 ਜਨਵਰੀ ਰਖੀਂ ਗਈ




ਜਲੰਧਰ, ਲੋਕ ਬਾਣੀ-ਜਲੰਧਰ ਨਗਰ ਨਿਗਮ ਦੇ ਨਵੇਂ ਮੇਅਰ ਦੀ ਚੋਣ ਕਰਨ ਲਈ 11 ਜਨਵਰੀ ਨੂੰ ਦੁਪਹਿਰ 3 ਵਜੇ ਰੈੱਡ ਕਰਾਸ ਭਵਨ ਵਿਖੇ ਮੀਟਿੰਗ ਰੱਖੀ ਗਈ ਹੈ। ਮੀਟਿੰਗ ਵਿਚ ਮੇਅਰ ਤੋਂ ਇਲਾਵਾ ਸੀਨੀਅਰ ਡਿਪਟੀ ਮੇਅਰ, ਡਿਪਟੀ ਮੇਅਰ ਦੀ ਵੀ ਚੋਣ ਕੀਤੀ ਜਾਵੇਗੀ। ਇਸ ਬਾਰੇ ਅੱਜ ਆਦੇਸ਼ ਜਾਰੀ ਕਰ ਦਿੱਤੇ ਗਏ ਹਨ।

## ਸੂਬੇ ਵਿਚ ਨਸ਼ਾ ਤਸਕਰਾਂ ਨੇ ਪੁਲਿਸ ਤੇ ਕੀਤਾ ਹਮਲਾ



ਫਾਜ਼ਿਲਕਾ, ਲੋਕ ਬਾਣੀ-ਪਿੰਡ ਢੰਡੀ ਕਦੀਮ ਵਿਖੇ ਹੈਰੋਇਨ ਦੀ ਪਾਕਿਸਤਾਨ ਤੋਂ ਖੇਪ ਲਿਆ ਰਹੇ ਨਸ਼ਾ ਸਮਗਲਰਾਂ ਵਲੋਂ ਥਾਣਾ ਸਦਰ ਜਲਾਲਾਬਾਦ ਦੇ ਮੁਖੀ ਐਸ. ਐਚ. ਓ. ਅਮਰਜੀਤ ਕੌਰ ਅਤੇ ਉਨ੍ਹਾਂ ਦੇ ਨਾਲ ਮੁਲਾਜ਼ਮ 'ਤੇ ਹਮਲਾ ਕੀਤੇ ਜਾਣ ਦੀ ਖ਼ਬਰ ਸਾਹਮਣੇ ਆਈ ਹੈ। ਹਮਲਾਵਰਾਂ ਵਿਚੋਂ ਦੋ ਨੂੰ ਪੁਲਿਸ ਪ੍ਰਸ਼ਾਸਨ ਵਲੋਂ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਬਾਬਤ ਜਾਣਕਾਰੀ ਦਿੰਦੇ ਹੋਏ ਡੀ. ਐਸ. ਪੀ. ਜਲਾਲਾਬਾਦ ਜਤਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਮੁੱਖ ਅਫ਼ਸਰਾਂ ਦੇ ਹੁਕਮਾਂ ਤਹਿਤ ਨਸ਼ੇ ਵਿਰੋਧੀ ਮੁਹਿੰਮ ਵਿਚ ਥਾਣਾ ਸਦਰ ਜਲਾਲਾਬਾਦ ਦੇ ਐਸ. ਐਚ. ਓ. ਅਮਰਜੀਤ ਕੌਰ ਆਪਣੀ ਟੀਮ ਦੇ ਨਾਲ ਮੁਖ਼ਬਰੀ ਦੇ ਆਧਾਰ 'ਤੇ ਪਿੰਡ ਢੰਡੀ ਕਦੀਮ ਮੌਜੂਦ ਸਨ, ਜਿੱਥੇ ਅਮਨਦੀਪ ਪੁੱਤਰ ਸ਼ਰਮਾ ਸਿੰਘ ਜੋ ਕਿ ਪਹਿਲਾਂ ਵੀ ਨਸ਼ੇ ਦੇ ਮਾਮਲੇ ਵਿਚ ਲੋੜੀਂਦਾ ਹੈ,

## ਮਾਲੇਰਕੋਟਲਾ ਵਿੱਚ ਰੈਣ ਬਸੇਰੇ ਦਾ ਲੋੜਵੰਦਾਂ ਨੂੰ ਨਹੀਂ ਮਿਲ ਰਿਹੈ ਲਾਭ



ਮਾਲੇਰਕੋਟਲਾ, ਲੋਕ ਬਾਣੀ --ਨਗਰ ਕੌਂਸਲ ਮਾਲੇਰਕੋਟਲਾ ਵੱਲੋਂ ਸੰਚਾਲਿਤ ਸਥਾਨਕ ਟਰੱਕ ਯੂਨੀਅਨ ਨੇੜੇ ਬੇਘਰੇ ਲੋਕਾਂ ਲਈ ਬਣਾਏ ਰੈਣ ਬਸੇਰੇ 'ਚ ਪਲੰਗ, ਗੱਦੇ, ਕੰਬਲ ਅਤੇ ਗੀਜ਼ਰ ਆਦਿ ਸਹੂਲਤਾਂ ਹੋਣ ਦੇ ਬਾਵਜੂਦ ਵੀ ਕਮਰਿਆਂ ਦੀ ਸੰਭਾਲ ਅਤੇ ਜਾਣਕਾਰੀ ਜਾਂ ਪ੍ਰਚਾਰ ਦੀ ਘਾਟ ਕਾਰਨ ਲੋੜਵੰਦ ਲੋਕਾਂ ਨੂੰ ਇਸ ਦਾ ਪੂਰਾ ਲਾਭ ਨਹੀਂ ਮਿਲ ਰਿਹਾ। ਜਾਣਕਾਰੀ ਅਨੁਸਾਰ ਰੈਣ ਬਸੇਰੇ ਦੇ ਵਿਹੜੇ ਅਤੇ ਪਖਾਨਿਆਂ ਦੀ ਸਫ਼ਾਈ ਨਹੀਂ ਹੈ ਅਤੇ ਗੁਸਲਖ਼ਾਨੇ ਦਾ ਦਰਵਾਜ਼ਾ ਟੁੱਟਿਆ ਪਿਆ ਹੈ। ਰੈਣ ਬਸੇਰਾ ਵਿੱਚ ਮੱਛੀ ਪਾਲਣ ਵਿਭਾਗ ਦਾ ਦਫ਼ਤਰ ਚੱਲ ਰਿਹਾ ਹੈ ਤੇ ਬੇਘਰੇ ਲੋਕਾਂ ਨੂੰ ਰਾਤਾਂ ਖੁੱਲ੍ਹੇ ਆਸਮਾਨ ਹੇਠ ਕੱਟਣੀਆਂ ਪੈ ਰਹੀਆਂ ਹਨ






# 5 ਫਰਵਰੀ ਨੂੰ ਪੈਣਗੀਆਂ ਦਿੱਲੀ ਚ ਵੋਟਾਂ : - ਚੋਣ ਕਮਿਸ਼ਨ ਨੇ ਕਰ ਦਿੱਤਾ ਐਲਾਨ -ਪੜੋ ਕੀ ਹੈ ਪੂਰਾ ਪ੍ਰੋਗਰਾਮ




ਨਵੀ ਦਿੱਲੀ (ਲੋਕ ਬਾਣੀ)- ਦਿੱਲੀ ਵਿੱਚ ਵਿਧਾਨ ਸਭਾ ਚੋਣਾਂ 5 ਫਰਵਰੀ ਨੂੰ ਇੱਕੋ ਪੜਾਅ ਵਿੱਚ ਹੋਣਗੀਆਂ। ਨਤੀਜਾ 8 ਫਰਵਰੀ ਨੂੰ ਆਵੇਗਾ। ਚੋਣ ਕਮਿਸ਼ਨ ਨੇ ਮੰਗਲਵਾਰ ਨੂੰ ਇਹ ਪ੍ਰੈਸ ਕਾਨਫਰੰਸ ਰਾਹੀਂ ਜਾਣਕਾਰੀ ਸਾਂਝੀ ਕੀਤੀ ਹੈ। ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਦੱਸਿਆ ਕਿ ਦੇਸ਼ ਦੀ ਰਾਜਧਾਨੀ ਵਿੱਚ ਡੇਢ ਕਰੋੜ ਵੋਟਰਾਂ ਲਈ 33 ਹਜ਼ਾਰ ਬੂਥ ਬਣਾਏ ਗਏ ਹਨ। ਇੱਥੇ 83.49 ਲੱਖ ਪੁਰਸ਼ ਅਤੇ 79 ਲੱਖ ਮਹਿਲਾ ਵੋਟਰ ਹਨ। 2.08 ਲੱਖ ਨਵੇਂ ਵੋਟਰ ਹਨ। 830 ਵੋਟਰ 100 ਸਾਲ ਤੋਂ ਵੱਧ ਉਮਰ ਦੇ ਹਨ।ਇਸ ਤੋਂ ਪਹਿਲਾਂ ਮੁੱਖ ਚੋਣ ਕਮਿਸ਼ਨਰ ਨੇ ਚੋਣ ਪ੍ਰਕਿਰਿਆ ਚ ਬੇਨਿਯਮੀਆਂ ਦੇ ਦੋਸ਼ਾਂ ਤੇ 30 ਮਿੰਟ ਤੱਕ ਤੱਥਾਂ ਸਮੇਤ ਸਪੱਸ਼ਟੀਕਰਨ ਦਿੱਤਾ। ਉਨ੍ਹਾਂ ਕਿਹਾ ਕਿ ਚੋਣਾਂ ਵਿੱਚ ਵੋਟਰਾਂ ਨੂੰ ਵਧਾਉਣ ਅਤੇ ਇੱਕ ਵਿਸ਼ੇਸ਼ ਵਰਗ ਨੂੰ ਨਿਸ਼ਾਨਾ ਬਣਾਉਣ ਦੇ ਦੋਸ਼ ਗਲਤ ਹਨ। ਚੋਣ ਪ੍ਰਕਿਰਿਆ ਨੂੰ ਪੂਰਾ ਕਰਨ ਲਈ ਸਮਾਂ ਲੱਗਦਾ ਹੈ। ਇਹ ਸਭ ਇੱਕ ਨਿਸ਼ਚਿਤ ਪ੍ਰੋਟੋਕੋਲ ਦੇ ਤਹਿਤ ਹੁੰਦਾ ਹੈ।

ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਦੱਸਿਆ ਕਿ ਦਿੱਲੀ ਵਿੱਚ 33 ਹਜ਼ਾਰ 330 ਪੋਲਿੰਗ ਸਟੇਸ਼ਨ ਹਨ। ਰਾਜਧਾਨੀ ਵਿੱਚ ਬੂਥਾਂ ਨੂੰ ਸੁੰਦਰ ਬਣਾਉਣ ਦੀ ਕੋਸ਼ਿਸ਼ ਕਰਨਗੇ। ਅਸੀਂ ਇਹ ਯਕੀਨੀ ਬਣਾਉਣ ਦੀ ਕੋਸ਼ਿਸ਼ ਕਰਾਂਗੇ ਕਿ ਤੁਹਾਡਾ ਅਨੁਭਵ ਸੁਹਾਵਣਾ ਹੋਵੇ। ਅਪਾਹਜ ਵੋਟਰ ਹਰ ਚੀਜ਼ ਦੀ ਜਾਂਚ ਕਰ ਸਕਦੇ ਹਨ ਅਤੇ ਸਕਸ਼ਮ ਐਪ ਵਿੱਚ ਸਹੂਲਤਾਂ ਨੂੰ ਜਾਣ ਸਕਦੇ ਹਨ।ਉਨ੍ਹਾਂ ਕਿਹਾ ਕਿ 85 ਸਾਲ ਤੋਂ ਵੱਧ ਉਮਰ ਦੇ ਵੋਟਰਾਂ ਨੂੰ ਘਰ-ਘਰ ਜਾ ਕੇ ਵੋਟ ਪਾਉਣ ਲਈ ਫਾਰਮ 12ਡੀ ਵੰਡਿਆ ਜਾਵੇਗਾ। ਵੋਟਰ ਹੈਲਪਲਾਈਨ ਰਾਹੀਂ ਆਪਣੇ ਨਾਮ ਦੀ ਆਨਲਾਈਨ ਜਾਂਚ ਕਰੋ। ਪੋਲਿੰਗ ਸਟੇਸ਼ਨ ਦੇਖੋ, 2*® ਦਾ ਨੰਬਰ ਹੈ। ਉਸ ਨਾਲ ਗੱਲ ਕਰੋ। 3-੭979* ਤੇ ਰਜਿਸਟਰ ਕਰੋ ਜੇਕਰ ਤੁਹਾਨੂੰ ਕੋਈ ਗੜਬੜ ਨਜ਼ਰ ਆਉਂਦੀ ਹੈ, ਤਾਂ ਸਾਨੂੰ ਦੱਸੋ। ਅਸੀਂ ਤੁਰੰਤ ਜਵਾਬ ਦੇਵਾਂਗੇ। ਅਸੀਂ ਇਹ ਸਭ 100 ਮਿੰਟ ਦੇ ਅੰਦਰ-ਅੰਦਰ ਕਰ ਲਵਾਂਗੇ। ਅਪਰਾਧਿਕ ਪਿਛੋਕੜ ਵਾਲੇ ਵਿਅਕਤੀਆਂ ਦਾ ਵੇਰਵਾ ਹੋਵੇਗਾ।

# ਲੁਧਿਆਣਾ ਚ ਨਗਰ ਨਿਗਮ ਦੇ ਮੇਅਰ ਦੀ ਉਡੀਕ ਖ਼ਤਮ, ਮੇਅਰ ਦੀ ਕੁਰਸੀ ਤੇ ਬੈਠੇਗੀ ਮਹਿਲਾ, ਨੋਟੀਫਿਕੇਸ਼ਨ ਜਾਰੀ




ਲੁਧਿਆਣਾ (ਲੋਕ ਬਾਣੀ)-ਨਗਰ ਨਿਗਮ ਲੁਧਿਆਣਾ ਦੀਆਂ 21 ਦਸੰਬਰ ਨੂੰ ਮੁਕੰਮਲ ਹੋਈਆਂ ਚੋਣਾਂ ਦੇ ਬਾਅਦ ਨਗਰ ਨਿਗਮ ਲੁਧਿਆਣਾ ਦੇ ਮੇਅਰ ਦੀ ਉਡੀਕ ਸ਼ਹਿਰ ਵਾਸੀਆਂ ਵਲੋਂ ਲਗਾਤਾਰ ਕੀਤੀ ਜਾ ਰਹੀ ਹੈ। ਆਮ ਆਦਮੀ ਪਾਰਟੀ, ਕਾਂਗਰਸ ਅਤੇ ਭਾਜਪਾ ਵਲੋਂ ਆਪਣੀ ਪਾਰਟੀ ਦਾ ਮੇਅਰ ਬਣਾਉਣ ਲਈ ਲਗਾਤਾਰ ਜੋੜ-ਤੋੜ ਦੀ ਰਾਜਨੀਤੀ ਕੀਤੀ ਜਾ ਰਹੀ ਸੀ ਪਰ ਅੱਜ ਪੰਜਾਬ ਸਰਕਾਰ ਨੇ ਨਗਰ ਨਿਗਮ ਲੁਧਿਆਣਾ ਦੇ ਮੇਅਰ ਦਾ ਅਹੁਦਾ ਮਹਿਲਾ ਲਈ ਰਾਖਵਾਂ ਕਰਕੇ ਵਿਰੋਧੀ ਪਾਰਟੀਆਂ ਦੀਆਂ ਸਾਰੀਆਂ ਤਿਕੜਮਬਾਜ਼ੀਆਂ ਨੂੰ ਸ਼ਾਂਤ ਕਰ ਦਿੱਤਾ ਹੈ। ਪੰਜਾਬ ਸਰਕਾਰ ਵਲੋਂ ਜਾਰੀ ਕੀਤੇ ਗਏ ਨੋਟੀਫਿਕੇਸ਼ਨ ਅਨੁਸਾਰ ਹੁਣ ਲੁਧਿਆਣਾ ਨਗਰ ਨਿਗਮ ਦੇ ਮੇਅਰ ਦੀ ਕੁਰਸੀ ਉਪਰ ਇਕ ਮਹਿਲਾ ਹੀ ਬੈਠੇਗੀ।

# ਤਹਿਸੀਲ ਦਾ ਨਾਮੀਂ ਵਸੀਕਾ ਨਵੀਸ ਵਿਜੀਲੈਂਸ ਨੇ ਕੀਤਾ ਕਾਬੂ




ਚੰਡੀਗੜ੍ਹ ਵਿਨੋਦ ਸ਼ਰਮਾ -ਪੰਜਾਬ ਵਿਜੀਲੈਂਸ ਬਿਊਰੋ ਨੇ ਰਾਜ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਅਪਣਾਈ ਜ਼ੀਰੋ ਸਹਿਣਸ਼ੀਲਤਾ ਨੀਤੀ ਤਹਿਤ ਵਸੀਕਾ ਨਵੀਸ਼ ਰਾਜ ਕੁਮਾਰ ਉਰਫ ਗਿੰਨੀ ਨੂੰ ਤਹਿਸੀਲਦਾਰ ਗਿੱਦੜਬਾਹਾ ਦੇ ਨਾਮ ਉਪਰ 11,000 ਰੁਪਏ ਬਤੌਰ ਰਿਸ਼ਵਤ ਹਾਸਲ ਕਰਦਿਆਂ ਰੰਗੇ ਹੱਥੀ ਗ੍ਰਿਫ਼ਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਗੁਰਦੀਪ ਸਿੰਘ ਵਾਸੀ ਸਰਾਭਾ ਨਗਰ ਮਲੋਟ, ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਸ਼ਿਕਾਇਤ ਦੇ ਆਧਾਰ ਤੇ ਦਰਜ ਕੀਤਾ ਗਿਆ ਹੈ।

ਬੁਲਾਰੇ ਨੇ ਹੋਰ ਵੇਰਵੇ ਦਿੰਦਿਆਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕੇ ਦੋਸ਼ ਲਗਾਇਆ ਕਿ ਉਸ ਵੱਲੋਂ ਆਪਣੀ ਪਤਨੀ ਦੇ ਨਾਮ ਉਪਰ ਪਿੰਡ ਹੁਸਨਰ ਵਿਖੇ ਜਮੀਨ ਖਰੀਦੀ ਸੀ ਜਿਸ ਦੇ ਸਬੰਧ ਵਿੱਚ ਰਜਿਸਟਰੀ ਕਰਵਾਉਣ ਲਈ ਦਫਤਰ ਜਾਇੰਟ ਸਬ ਰਜਿਸਟਰਾਰ ਗਿੱਦੜਬਾਹਾ ਵਿਖੇ ਗਿਆ ਸੀ ਤਾਂ ਉੱਥੇ ਮੌਜੂਦ ਵਸੀਕਾ ਨਵੀਸ਼ ਰਾਜ ਕੁਮਾਰ ਤੋਂ ਰਜਿਸਟਰੀ ਲਿਖਵਾਈ ਗਈ। ਤਹਿਸੀਲਦਾਰ ਦਫਤਰ ਵਿਖੇ ਰਜਿਸਟਰੀ ਜਮ੍ਹਾਂ ਕਰਵਾਉਣ ਤੋਂ ਬਾਅਦ ਉਕਤ ਮੁਲਜ਼ਮ ਨੇ ਦੱਸਿਆ ਕਿ ਤਹਿਸੀਲਦਾਰ ਗਿੱਦੜਬਾਹਾ ਵੱਲੋਂ ਇਹ ਰਜਿਸਟਰੀ ਕਰਨ ਬਦਲੇ 11,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਗਈ ਹੈ। ਸ਼ਿਕਾਇਤਕਰਤਾ ਨੇ ਉਕਤ ਵਸੀਕਾ ਨਵੀਸ ਨਾਲ ਰਿਸ਼ਵਤ ਦੇਣ ਸਬੰਧੀ ਫੋਨ ਉਪਰ ਹੋਈ ਗੱਲਬਾਤ ਦੀ ਰਿਕਾਰਡਿੰਗ ਕਰ ਲਈ ਜੋ ਵਿਜੀਲੈਂਸ ਬਿਊਰੋ ਨੂੰ ਸਬੂਤ ਵਜੋਂ ਸੌਂਪ ਦਿੱਤੀ।

ਬੁਲਾਰੇ ਦੱਸਿਆ ਕਿ ਵਿਜੀਲੈਂਸ ਬਿਊਰੋ, ਯੂਨਿਟ ਸ੍ਰੀ ਮੁਕਤਸਰ ਸਾਹਿਬ ਦੀ ਟੀਮ ਨੇ ਸ਼ਿਕਾਇਤ ਵਿੱਚ ਲਗਾਏ ਦੋਸ਼ਾਂ ਦੀ ਪੜਤਾਲ ਕਰਨ ਉਪਰੰਤ ਜਾਲ ਵਿਛਾਇਆ ਅਤੇ ਵਸੀਕਾ ਨਵੀਸ਼ ਰਾਜ ਕੁਮਾਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤ ਕਰਤਾ ਪਾਸੋਂ 11,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਅਤੇ ਰਜਿਸਟਰੀ ਵਸੀਕਾ ਨਵੀਸ਼ ਦੇ ਦਫਤਰ ਦੇ ਦਰਾਜ ਵਿੱਚੋਂ ਬਰਾਮਦ ਕਰ ਲਈ। ਇਸ ਸਬੰਧੀ ਉਕਤ ਵਸੀਕਾ ਨਵੀਸ਼ ਵਿਰੁੱਧ ਥਾਣਾ ਵਿਜੀਲੈਂਸ ਬਿਊਰੋ ਰੇਂਜ ਬਠਿੰਡਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ ਅਤੇ ਮੁਲਜ਼ਮ ਵਸੀਕਾ ਨਵੀਸ਼ ਨੂੰ ਕੱਲ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਮੁਕੱਦਮਾ ਦੀ ਅਗਲੇਰੀ ਤਫਤੀਸ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

# ਸੜਕ ਤੇ ਅਵਾਰਾ ਪਸ਼ੂ ਆਉਣ ਨਾਲ ਵਾਪਰਿਆ ਦਰਦਨਾਕ ਹਾਦਸਾ, ਕਾਰ ਬੇਕਾਬੂ ਕੇ ਦਰੱਖਤ ਟਕਰਾਈ , ਦੋ ਦੋਸਤਾਂ ਦੀ ਹੋਈ ਮੌਤ



ਸੰਗਰੂਰ-(ਲੋਕ ਬਾਣੀ) ਪੰਜਾਬ ਦੇ ਸੰਗਰੂਰ ਵਿੱਚ ਇੱਕ ਬੇਕਾਬੂ ਕਾਰ ਦਰੱਖਤ ਨਾਲ ਟਕਰਾ ਗਈ, ਜਿਸ ਕਾਰਨ ਕਾਰ ਵਿੱਚ ਸਵਾਰ ਦੋ ਦੋਸਤਾਂ ਦੀ ਮੌਤ ਹੋ ਗਈ।

ਇਹ ਹਾਦਸਾ ਸੋਮਵਾਰ ਦੇਰ ਸ਼ਾਮ ਰੋਗਲਾ ਪਿੰਡ ਚ ਡਰੇਨ ਤੇ ਬਣ ਰਹੇ ਪੁਲ ਨੇੜੇ ਵਾਪਰਿਆ। ਜਿੱਥੇ ਕਾਰ ਬੇਕਾਬੂ ਹੋ ਕੇ ਦਰੱਖਤ ਨਾਲ ਜਾ ਟਕਰਾਈ। ਮ੍ਰਿਤਕਾਂ ਦੀ ਪਛਾਣ ਲਾਡੀ ਸਿੰਘ (20) ਪੁੱਤਰ ਮਿੱਠੂ ਸਿੰਘ ਅਤੇ ਜਤਿੰਦਰ ਸਿੰਘ (24) ਪੁੱਤਰ ਲੇਟ ਵਜੋਂ ਹੋਈ ਹੈ। ਗੁਰਤੇਜ ਸਿੰਘ ਦਾ ਜਨਮ ਪਿੰਡ ਰੋਗਲਾ ਦੇ ਵਸਨੀਕ ਵਜੋਂ ਹੋਇਆ। ਇਸ ਹਾਦਸੇ ਵਿੱਚ ਕਾਰ ਦਾ ਅਗਲਾ ਹਿੱਸਾ ਬੁਰੀ ਤਰ੍ਹਾਂ ਨੁਕਸਾਨਿਆ ਗਿਆ।ਮ੍ਰਿਤਕ ਲਾਡੀ ਸਿੰਘ ਦੇ ਪਿਤਾ ਮਿੱਠੂ ਸਿੰਘ ਨੇ ਦੱਸਿਆ ਕਿ ਦੋਵੇਂ ਨੌਜਵਾਨ ਵਿਦੇਸ਼ ਗਏ ਹੋਏ ਸਨ ਅਤੇ ਕੁਝ ਦਿਨ ਪਹਿਲਾਂ ਹੀ ਵਾਪਸ ਆਏ ਸਨ। ਲਾਡੀ ਆਪਣੇ ਭਰਾ ਦਾ ਜਨਮ ਦਿਨ ਮਨਾ ਕੇ ਸ਼ਹਿਰ ਤੋਂ ਬਾਹਰ ਗਿਆ ਹੋਇਆ ਸੀ ਅਤੇ ਘਰ ਵਿੱਚ ਖੁਸ਼ੀ ਦਾ ਮਾਹੌਲ ਸੀ। ਇਸੇ ਦੌਰਾਨ ਲਾਡੀ ਸਿੰਘ ਅਤੇ ਜਤਿੰਦਰ ਸਿੰਘ ਕੁਝ ਸਾਮਾਨ ਖਰੀਦਣ ਲਈ ਦਿੜਬਾ ਸ਼ਹਿਰ ਗਏ ਸਨ। ਦਿੜਬਾ ਤੋਂ ਵਾਪਸ ਆਉਂਦੇ ਸਮੇਂ ਜਿਵੇਂ ਹੀ ਉਹ ਪਿੰਡ ਰੋਗਲਾ ਨੇੜੇ ਬਣ ਰਹੇ ਡਰੇਨ ਦੇ ਪੁਲ ਕੋਲ ਪਹੁੰਚੇ ਤਾਂ ਉਨ੍ਹਾਂ ਦੀ ਕਾਰ ਸਾਹਮਣੇ ਅਚਾਨਕ ਆਵਰਾ ਪਸ਼ੂ ਸਾਹਮਣੇ ਆਉਣ ਨਾਲ ਆਪਣਾ ਸੰਤੁਲਨ ਗੁਆ ਬੈਠੇ , ਜਿਸ ਕਾਰਨ ਕਾਰ ਖੇਤਾਂ ਚ ਇਕ ਦਰੱਖਤ ਨਾਲ ਜਾ ਟਕਰਾਈ ਅਤੇ ਦੋਵਾਂ ਦੀ ਮੌਤ ਹੋ ਗਈ।

ਕੌਹਰੀਆਂ ਚੌਕੀ ਦੇ ਇੰਚਾਰਜ ਰਘਵੀਰ ਸਿੰਘ ਨੇ ਦੱਸਿਆ ਕਿ ਜਨਮ ਦਿਨ ਦੀਆਂ ਤਿਆਰੀਆਂ ਦੌਰਾਨ ਮ੍ਰਿਤਕ ਲਾਡੀ ਸਿੰਘ ਆਪਣੇ ਦੋਸਤ ਨਾਲ ਸਾਮਾਨ ਲੈਣ ਗਿਆ ਸੀ। ਵਾਪਸ ਪਰਤਦੇ ਸਮੇਂ ਆਵਾਰਾ ਪਸ਼ੂ ਨੂੰ ਬਚਾਉਣ ਦੀ ਕੋਸ਼ਿਸ਼ ਦੌਰਾਨ ਕਾਰ ਆਪਣਾ ਸੰਤੁਲਨ ਗੁਆ ਬੈਠੀ ਅਤੇ ਦਰੱਖਤ ਨਾਲ ਜਾ ਟਕਰਾਈ।

# ਬਾਘਾਪੁਰਾਣਾ ਸ਼ਹਿਰ ਵਿੱਚ ਹੋ ਰਹੀਆਂ ਲੁੱਟਾਂ ਖੋਹਾਂ ਨੂੰ ਲੈਕੇ ਕਾਂਗਰਸੀ ਆਗੂਆਂ ਨੇ ਐਸ ਐਸ ਪੀ ਮੋਗਾ ਨੂੰ ਦਿੱਤਾ ਮੰਗ ਪੱਤਰ, ਜਲਦੀ ਫੜੋ ਲੁਟੇਰੇ ਨਹੀਂ ਤਾਂ ਸੰਘਰਸ਼ ਕਰਨ ਲਈ ਹੋਵਾਂਗੇ ਮਜਬੂਰ, ਆਗੂ



ਬਾਘਾਪੁਰਾਣਾ (ਲੋਕ ਬਾਣੀ) -ਮੋਗਾ ਜ਼ਿਲ੍ਹੇ ਦੇ ਹਲਕਾ ਬਾਘਾਪੁਰਾਣਾ ਵਿੱਚ ਪਿਛਲੇ ਕਈ ਦਿਨਾਂ ਤੋਂ ਬਾਘਾਪੁਰਾਣਾ ਸ਼ਹਿਰ ਅਤੇ ਆਸਪਾਸ ਦੇ ਪਿੰਡਾਂ ਵਿੱਚ ਲੁਟੇਰਿਆਂ ਵੱਲੋਂ ਲਗਾਤਾਰ ਲੁੱਟਾਂ ਖੋਹਾਂ ਦਾ ਸਿਲਸਿਲਾ ਬੇਰੋਕ ਜਾਰੀ ਹੈ। ਅੱਜ ਕਾਂਗਰਸ ਪਾਰਟੀ ਦੇ ਸੀਨੀਅਰ ਲੀਡਰਾਂ ਭੋਲਾ ਸਿੰਘ ਬਰਾੜ ਸਮਾਧ ਭਾਈ, ਕਾਂਗਰਸ ਦੇ ਸੀਨੀਅਰ ਆਗੂ ਪਰਮਪਾਲ ਸਿੰਘ ਤਖਤੂਪੁਰਾ, ਜੋਧਾ ਸਿੰਘ ਬਰਾੜ ਅਤੇ ਵਿਕਰਮ ਪੱਤੋ ਤੋਂ ਇਲਾਵਾ ਪ੍ਰਧਾਨ ਹਨੀ ਸੋਢੀ, ਇੰਨਾ ਵੱਲੋਂ ਐਸ ਐਸ ਪੀ ਅਜੇ ਗਾਂਧੀ ਨੂੰ ਮਿਲ ਕੇ ਬਾਘਾਪੁਰਾਣਾ ਸ਼ਹਿਰ ਵਿੱਚ ਹੋ ਰਹੀਆਂ ਲੁੱਟਾਂ ਖੋਹਾਂ ਨੂੰ ਰੋਕਣ ਲਈ ਮੈਮੋਰੰਡਮ ਦਿੱਤਾ ਗਿਆ ਤੇ ਮੰਗ ਕੀਤੀ ਕਿ ਬਾਘਾਪੁਰਾਣਾ ਏਰੀਏ ਵਿੱਚ ਲਗਾਤਾਰ ਹੋ ਰਹੀਆਂ ਚੋਰੀਆਂ ਨੂੰ ਰੋਕਿਆ ਜਾਵੇ ਤੇ ਲੁਟੇਰਿਆਂ ਨੂੰ ਜਲਦੀ ਫੜਿਆ ਜਾਵੇ। ਇਸ ਸਬੰਧੀ ਪ੍ਰੈਸ ਨਾਲ ਗੱਲ ਕਰਦਿਆਂ ਪਰਮਪਾਲ ਸਿੰਘ ਤਖਤੂਪੁਰਾ ਨੇ ਆਖਿਆ ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਲਗਾਤਾਰ ਲੁੱਟਾਂ ਖੋਹਾਂ, ਨਸ਼ਾ ਤਸ਼ਕਰੀ ਦੀਆਂ ਵਾਰਦਾਤਾਂ ਵਿੱਚ ਵਧਾ ਹੋਇਆ ਹੈ। ਉਨ੍ਹਾਂ ਆਖਿਆ ਅਸੀਂ ਐਸ ਐਸ ਪੀ ਨੂੰ ਬੇਨਤੀ ਕਰ ਦਿੱਤੀ ਸ਼ਹਿਰ ਵਿੱਚ ਲੁੱਟਾਂ ਖੋਹਾਂ ਕਰਨ ਵਾਲਿਆਂ ਨੂੰ ਜਲਦੀ ਫੜੋ, ਨਹੀਂ ਤਾਂ ਕਾਂਗਰਸ ਪਾਰਟੀ ਆਉਣ ਵਾਲੇ ਦਿਨਾਂ ਵਿੱਚ ਸ਼ਹਿਰ ਦੀ ਵਿਗੜ ਰਹੀ ਸਥਿਤੀ ਨੂੰ ਲੈਕੇ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ।

# ਡਿਪਟੀ ਕਮਿਸ਼ਨਰ ਵਲੋਂ ਜ਼ਿਲ੍ਹੇ ਦੇ ਮੱਛੀ ਪਾਲਕਾਂ ਨੂੰ ਮੋਟਰ ਸਾਈਕਲ ਵਿਦ ਆਈਸ ਬਾਕਸ ਭੇਂਟ

ਮਾਲੇਰਕੋਟਲਾ :ਕਿੰਮੀ ਅਰੋੜਾ,ਅਸਲਮ ਨਾਜ਼) ਖੇਤੀਬਾੜੀ ਵਿਭਿੰਨਤਾ ਸਮੇਂ ਦੀ ਮੁੱਖ ਲੋੜ ਹੈ ਅਤੇ ਮੱਛੀ ਪਾਲਣ ਦਾ ਕਿੱਤਾ ਖੇਤੀਬਾੜੀ ਵਿਭਿੰਨਤਾ ਵਿੱਚ ਅਹਿਮ ਰੌਲ ਅਦਾ ਕਰ ਸਕਦਾ ਹੈ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਪ੍ਰਧਾਨ ਮੰਤਰੀ ਮਤੱਸਿਆ ਸੰਪਦਾ ਯੋਜਨਾ (♦$$♥⬆) ਸਕੀਮ ਅਧੀਨ ਸਹਾਇਤਾ ਪ੍ਰਾਪਤ ਇੱਕ ਲਾਭਪਾਤਰੀ ਨੂੰ ਮੋਟਰ-ਸਾਇਕਲ ਵਿਦ ਆਇਸ ਬਾਕਸ ਦੀਆਂ ਚਾਬੀਆ ਸੌਂਪਣ ਮੌਕੇ ਕੀਤੇ । ਊਨ੍ਹਾਂ ਕਿਹਾ ਕਿ ਮੱਛੀ ਪਾਲਣ ਦੇ ਕਿੱਤੇ ਨੂੰ ਸੂਬੇ ਵਿੱਚ ਪ੍ਰਫੁਲਿਤ ਕਰਨ ਲਈ ਮੱਛੀ ਪਾਲਕਾਂ ਨੂੰ ਜਿਥੇ ਸਹੂਲਤਾਵਾਂ ਦਿੱਤੀਆਂ ਜਾਂਦੀਆਂ ਹਨ, ਉਥੇ ਸਵੈ ਰੋਜ਼ਗਾਰ ਕਰਨ ਦੇ ਚਾਹਵਾਨ ਵਿਅਕਤੀਆਂ ਨੂੰ ਵੀ ਮੱਛੀ ਨੂੰ ਟਰਾਂਸਪੋਰਟ ਕਰਨ ਲਈ ਵਾਹਨ ਤੇ ਆਈਸ ਬਾਕਸ ਲਈ 60 ਫ਼ੀਸਦੀ ਤੱਕ ਸਬਸਿਡੀ ਦਿੱਤੀ ਜਾਂਦੀ ਹੈ। ਉਹਨਾਂ ਕਿਸਾਨਾਂ ਨੂੰ ਮੱਛੀ ਪਾਲਣ ਦਾ ਕਿੱਤਾ ਅਪਣਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਇਸ ਕਿੱਤੇ ਵਿੱਚ ਘੱਟ ਮਿਹਨਤ ਨਾਲ ਜਿਆਦਾ ਮੁਨਾਫਾ ਕਮਾਇਆ ਜਾ ਸਕਦਾ ਹੈ । ਜਿਲ੍ਹਾ ਮਲੇਰਕੋਟਲਾ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਮੱਛੀ ਪਾਲਣ ਦੇ ਧੰਦੇ ਨੂੰ ਉਤਸ਼ਾਹਿਤ ਕਰਨ ਲਈ ਮੁਹੱਈਆ ਕਰਵਾਈਆਂ ਜਾਂਦੀਆ ਵਿੱਤੀ ਅਤੇ ਤਕਨੀਕੀ ਸਹੂਲਤਾਵਾਂ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨ ।




ਇਸ ਮੌਕੇ ਤੇ ਸਰਕਾਰ ਵੱਲੋਂ ਕਿਸਾਨਾਂ ਨੂੰ ਪ੍ਰਦਾਨ ਕੀਤੀਆਂ ਜਾਂਦੀਆ ਵਿੱਤੀ ਸਹੂਲਤਾਂ ਬਾਰੇ ਜਾਣਕਾਰੀ ਦਿੰਦਿਆ ਸਹਾਇਕ ਡਾਇਰੈਕਟਰ ਮੱਛੀ ਪਾਲਣ ਚਰਨਜੀਤ ਸਿੰਘ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਮਤੱਸਿਆ ਯੋਜਨਾ (♦$$♥⬆) ਸਕੀਮ ਅਧੀਨ ਪਲੇਨ/ਪੱਧਰ ਜਮੀਨ ਤੇ ਮੱਛੀ ਤਲਾਅ ਦੀ ਉਸਾਰੀ, ਢੋਅ-ਢੁਆਈ ਦੇ ਸਾਧਨ, ਮੱਛੀ ਫੀਡ ਮਿੱਲ ਲਗਾਉਣ ਆਦਿ ਪ੍ਰੋਜੈਕਟਾਂ ਤੇ ਯੂਨਿਟ ਕਾਸਟ ਦਾ 40-60 ਫੀਸਦੀ ਤੱਕ ਸਬਸਿਡੀ ਮੁਹੱਈਆ ਕਰਵਾਈ ਜਾ ਰਹੀ ਹੈ ।

ਉਹਨਾਂ ਦੱਸਿਆ ਕਿ ਹੁਣ ਪੁਰਾਣੇ ਪ੍ਰਾਈਵੇਟ ਛੱਪੜਾਂ ਦੇ ਸੁਧਾਰ ਅਤੇ ਨੀਵੀਆਂ/ਟੋਇਆ/ਭੱਠੇ ਵਾਲੀਆਂ ਜਮੀਨਾਂ ਵਿੱਚ ਮੱਛੀ ਤਲਾਅ ਬਣਾਉਣ ਵਾਸਤੇ ਵੀ ਪੰਜਾਬ ਰਾਜ ਮੱਛੀ ਪਾਲਣ ਵਿਕਾਸ ਬੋਰਡ ਦੀ ਸਹਾਇਤਾ ਨਾਲ ਯੂਨਿਟ ਕਾਸਟ ਦਾ 25 ਫੀਸਦੀ ਸਬਸਿਡੀ ਮੁਹੱਈਆਂ ਕਰਵਾਈ ਜਾ ਰਹੀ ਹੈ। ਉਹਨਾਂ ਵੱਲੋਂ ਦੱਸਿਆ ਗਿਆ ਹੈ ਕਿ ਮੱਛੀ ਪਾਲਣ ਦੇ ਚਾਹਵਾਨ ਕਿਸਾਨਾਂ/ਬੇਰੁਜਗਾਰ ਨੌਜਵਾਨਾਂ ਨੂੰ ਵਿਭਾਗ ਵੱਲੋਂ ਪੰਜ ਦਿਨਾਂ ਦੀ ਮੁਢਲੀ ਸਿਖਲਾਈ ਮੁਫਤ ਦਿੱਤੀ ਜਾਂਦੀ ਹੈ।

ਮਹੀਨਾ ਜਨਵਰੀ ਦੌਰਾਨ 20 ਜਨਵਰੀ ਤੋਂ ਪੰਜ ਦਿਨ ਦਾ ਸਿਖਲਾਈ ਕੈਂਪ ਲਗਾਇਆ ਜਾ ਰਿਹਾ ਹੈ। ਵਧੇਰੇ ਜਾਣਕਾਰੀ ਲਈ ਮੋਬਾਇਲ ਨੰ. 98556-14842 ਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਤੇ ਸ੍ਰੀ ਲਵਪ੍ਰੀਤ ਸਿੰਘ ਮੱਛੀ ਪਾਲਣ ਅਫਸਰ ਮਲੇਰਕੋਟਲਾ ਵੀ ਹਾਜਰ ਸਨ।

# ਹਲਕਾ ਦੱਖਣੀ ਚ ਨਗਰ ਨਿਗਮ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦਾ ਘਟਿਆ ਵੋਟ ਬੈਂਕ



ਰੋਜ਼ਾਨਾ ਲੋਕ ਬਾਣੀ
www.lokbani

ਲੁਧਿਆਣਾ (ਵਰਿੰਦਰ ਪ੍ਰਕਾਸ਼ ਭਾਂਬਰੀ / ਸੁਖਚੈਨ ਮਹਿਰਾ)- ਆਮ ਆਦਮੀ ਪਾਰਟੀ ਨੇ ਵਿਧਾਨ ਸਭਾ 2022 ਦੀਆਂ ਚੋਣਾਂ ਦੌਰਾਨ ਪੰਜਾਬ ਦੇ ਲੋਕਾਂ ਨੂੰ ਗਰੰਟੀਆ ਦੇ ਵਾਅਦੇ ਕਰਕੇ ਪੰਜਾਬ ਵਿੱਚ 92 ਵਿਧਾਇਕਾਂ ਨਾਲ ਸ਼ਾਨਦਾਰ ਜਿੱਤ ਹਾਸਲ ਕਰਨ ਵਿੱਚ ਸਫਲ ਹੋਏ ਸਨ। ਪਰ 2024 ਲੋਕ ਸਭਾ ਚੋਣਾਂ ਦੌਰਾਨ ਪੰਜਾਬ ਵਾਸੀਆਂ ਨੇ ਆਮ ਆਦਮੀ ਪਾਰਟੀ ਨੇ ਜੋਂ ਵਾਅਦੇ ਪੰਜਾਬ ਦੇ ਲੋਕਾਂ ਨਾਲ ਕੀਤੇ ਸੀ ਉਹਨਾਂ ਵਾਅਦਿਆਂ ਤੇ ਆਪ ਖਰੀ ਨਹੀਂ ਉਤਰ ਸਕੀ,ਜਿਸ ਕਰਕੇ ਆਪ ਦੇ 3 ਉਮੀਦਵਾਰ ਹੀ ਜਿੱਤੇ ਸਨ।
ਹਾਲ ਹੀ ਲੁਧਿਆਣਾ ਨਗਰ ਨਿਗਮ ਚੋਣਾਂ 2024 ਵਿੱਚ ਆਪ ਬਹੁਮਤ ਹਾਸਲ ਨਹੀਂ ਕਰ ਸਕੀ।ਆਪ ਨੂੰ ਲੁਧਿਆਣਾ ਨਗਰ ਨਿਗਮ ਦੇ 95 ਵਾਰਡਾਂ ਚੋ 41 ਵਾਰਡਾਂ ਤੇ ਜਿੱਤ ਹਾਸਲ ਕਰਨ ਵਿੱਚ ਸਫਲ ਹੋਏ।ਜੇਕਰ ਗੱਲ ਕਰੀਏ ਨਗਰ ਨਿਗਮ ਚੋਣਾਂ ਵਿੱਚ ਆਪ ਨੂੰ ਪੂਰੇ ਲੁਧਿਆਣਾ ਚੋ ਸਭ ਤੋਂ ਘੱਟ ਸੀਟਾਂ ਹਲਕਾ ਦੱਖਣੀ ਵਿੱਚ 11 ਵਾਰਡਾਂ ਚੋ ਸਿਰਫ਼ 2 ਸੀਟਾਂ ਤੇ ਜਿੱਤ ਹਾਸਲ ਹੋਈ ਸੀ। ਜੇਕਰ ਇੱਥੇ ਪਿਛਲੇ ਆਂਕੜਿਆਂ ਦੀ ਗੱਲ ਕਰੀਏ ਤਾਂ ਆਪ ਨੇ ਵਿਧਾਨ ਸਭਾ ਚੋਣਾਂ ਵਿੱਚ ਹਲਕਾ ਦੱਖਣੀ ਚ ਤਕਰੀਬਨ 44500 ਵੋਟਾਂ ਪਈਆਂ ਤੇ ਆਪ ਵਿਧਾਇਕਾ ਨੇ ਸ਼ਾਨਦਾਰ ਜਿੱਤ ਹਾਸਲ ਕੀਤੀ। 2024 ਲੋਕ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਨੂੰ ਤਕਰੀਬਨ 19500 ਵੋਟਾਂ ਪਈਆਂ।ਜੋਕਿ ਵਿਧਾਨ ਸਭਾ ਚੋਣਾਂ ਨਾਲੋਂ 25000 ਵੋਟਾਂ ਘੱਟ ਪਈਆਂ।ਹਾਲ ਹੀ ਨਗਰ ਨਿਗਮ ਚੋਣਾਂ ਵਿੱਚ ਆਮ ਆਦਮੀ ਪਾਰਟੀ 11 ਵਾਰਡਾਂ ਚੋ ਸਿਰਫ਼ 2 ਵਾਰਡ ਹੀ ਜਿੱਤਣ ਚ ਸਫਲ ਰਹੇ।ਇੱਥੇ ਲੋਕ ਸਭਾ ਚੋਣਾਂ ਤੋਂ ਵੀ ਘੱਟ ਵੋਟਾਂ ਪਈਆਂ, ਜਿਸ ਤੋਂ ਇਹ ਸਿੱਧ ਹੁੰਦਾ ਹੈ ਕਿ ਲੋਕਾਂ ਦਾ ਆਮ ਆਦਮੀ ਪਾਰਟੀ ਤੋਂ ਮੋਹ ਭੰਗ ਹੋਇਆ ਹੈ।

# ਸਰਬੱਤ ਦੇ ਭਲੇ ਲਈ ਦ.ਫਤਰ ਡਿਪਟੀ ਕਮਿਸ਼ਨਰ ਵਿਖੇ ਕਰਵਾਇਆ ਸੁਖਮਨੀ ਸਾਹਿਬ ਦਾ ਪਾਠ



ਮਾਲੇਰਕੋਟਲਾ :(ਕਿੱਮੀ ਅਰੋੜਾ,ਅਸਲਮ ਨਾਜ਼)
ਨਵੇਂ ਵਰ੍ਹੇ 2025 ਦੀ ਆਮਦ ਮੌਕੇ ਡਿਪਟੀ ਕਮਿਸ਼ਨਰ ਦਫ਼ਤਰ ਦੇ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਦਫ਼ਤਰ ਡਿਪਟੀ ਕਮਿਸ਼ਨਰ ਕੰਪਲੈਕਸ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ । ਇਸ ਮੌਕੇ ਪ੍ਰਬੰਧਕਾਂ ਵੱਲੋਂ ਸਮੂਹ ਸੰਗਤਾਂ ਲਈ ਗੁਰੂ ਕੇ ਲੰਗਰ ਦਾ ਪ੍ਰਬੰਧ ਕੀਤਾ ਗਿਆ
ਇਸ ਮੌਕੇ ਸਹਾਇਕ ਕਮਿਸ਼ਨਰ ਗੁਰਮੀਤ ਸਿੰਘ,ਜ਼ਿਲ੍ਹਾ ਮਾਲ ਅਫ਼ਸਰ ਮਨਦੀਪ ਕੌਰ,ਡੀ.ਐਸ.ਪੀ,ਡੀ.ਆਈ.ਓ,ਸਾਈਨ ਕਮਲ,ਸਹਾਇਕ ਲੋਕ ਸੰਪਰਕ ਅਫ਼ਸਰ ਦੀਪਕ ਕਪੂਰ ਸਮੇਤ ਵੱਡੀ ਗਿਣਤੀ ਵਿਚ ਵੱਖ-ਵੱਖ ਵਿਭਾਗਾਂ ਦੇ ਮੁਖੀਆਂ,ਅਧਿਕਾਰੀਆਂ ਤੇ ਕਰਮਚਾਰੀਆਂ ਨੇ ਗੁਰੂ ਚਰਨਾਂ ਵਿਚ ਹਾਜਰੀ ਭਰੀ।
ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਨਵੇਂ ਸਾਲ ਦੀ ਆਮਦ ਮੌਕੇ ਸਰਬੱਤ ਦੇ ਭਲੇ ਦੀ ਅਰਦਾਸ ਕਰਦਿਆਂ ਇਮਾਨਦਾਰੀ ,ਤਨਦੇਹੀ, ਪੂਰੀ ਲਗਨ, ਫ਼ਰਜ਼, ਸਮਰਪਣ ਭਾਵਨਾ ਨਾਲ ਆਪਣੀ ਡਿਊਟੀ ਨਿਭਾਉਣ ਦੀ ਦਾਤ ਬਖਸ਼ਣ ਦੀ ਅਰਦਾਸ ਕੀਤੀ । ਸਰਕਾਰ ਵੱਲੋਂ ਉਲੀਕੀਆਂ ਯੋਜਨਾਵਾਂ ਤੇ ਪ੍ਰੋਗਰਾਮਾਂ ਦਾ ਲਾਭ, ਲਾਭਪਾਤਰੀਆਂ ਨੂੰ ਹੇਠਲੇ ਪੱਧਰ ਤੱਕ ਪੁੱਜਦਾ ਕਰਨ ਲਈ ਉਹ ਆਪਣਾ ਯੋਗਦਾਨ ਪਾਉਣ ਲਈ ਹਮੇਸ਼ਾ ਤਤਪਰ ਰਹਿਣਗੇ ਤਾਂ ਜੋ ਆਮ ਲੋਕਾਂ ਨੂੰ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਮਿਲ ਸਕੇ ।

ਰੋਜ਼ਾਨਾ ਲੋਕ ਬਾਣੀ
www.lokbani

ਇਸ ਮੌਕੇ ਤਹਿਸੀਲਦਾਰ ਚੋਣਾਂ ਬ੍ਰਿਜ ਮੋਹਨ,ਸੁਪਰਡੈਂਟ ਅੰਮ੍ਰਿਤਪਾਲ ਸਿੰਘ, ਸੁਪਰਡੈਂਟ ਗੁਪਾਲ ਚੰਦ,ਸੁਪਰਡੈਂਟ ਬਲਵੀਰ ਸਿੰਘ,ਸੁਪਰਡੈਂਟ ਧਰਮ ਸਿੰਘ,ਪੀ.ਏ. ਟੂ ਡਿਪਟੀ ਕਮਿਸ਼ਨਰ ਹਰਵਿੰਦਰ ਸਿੰਘ,ਰੀਡਰ ਬੇਅੰਤ ਸਿੰਘ,ਸਦਰ ਕਾਨੂੰਗੋ ਰਣਜੀਤ ਸਿੰਘ, ਸ਼ਰਨਦੀਪ ਸਿੰਘ,ਮਨਪ੍ਰੀਤ ਸਿੰਘ,ਮੋਹਿਤ ਕੁਮਾਰ,ਰੋਹਿਤ ਕੁਮਾਰ,ਸਟੈਨੋ ਟੂ ਏ.ਡੀ.ਸੀ ਰਾਜਵਿੰਦਰ ਕੌਰ ਪ੍ਰਧਾਨ ਜ਼ਿਲ੍ਹਾ ਬਾਰ ਐਸੋਸੀਏਸ਼ਨ ਮਨਦੀਪ ਸਿੰਘ ਚਾਹਲ,ਪ੍ਰਧਾਨ ਪਟਵਾਰ ਯੂਨੀਅਨ ਪੰਜਾਬ ਹਰਵੀਰ ਸਿੰਘ ਢੀਡਸਾ,ਪ੍ਰਧਾਨ ਨੰਬਰਦਾਰ ਯੂਨੀਅਨ ਪੰਜਾਬ ਰਾਜ ਸਿੰਘ ਦੂਲਮਾ,ਹਰਪ੍ਰੀਤ ਸਿੰਘ,ਗੁਰਪ੍ਰੀਤ ਸਿੰਘ ਸਹੋਤਾ,ਲਵਇੰਸ ਬਾਂਸਲ, ਰਾਜੂ, ਅਭਿਸ਼ੇਕ ਜੈਨ, ਕਰਮਜੀਤ ਸਿੰਘ,ਰਾਜੇਸ਼ ਕੁਮਾਰ,ਹਰਪ੍ਰੀਤ ਕੌਰ,ਮਾਹਿਮਾ,ਰਿਧੀਮਾ,ਸੁਚੇਤਾ,ਅੰਜੂ,ਸਿਮਰਨ,ਜਤੀਨ ਗਰਗ,ਰਮਨਦੀਪ ਸਿੰਘ,ਸਾਹਿਲ,ਫਕੀਰ ਚੰਦ, ਸਮੇਤ ਵੱਡੀ ਗਿਣਤੀ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਸ਼ਿਰਕਤ ਕੀਤੀ।

ਰੋਜ਼ਾਨਾ ਲੋਕ ਬਾਣੀ
www.lokbani

# ਸੜਕ ਦੁਰਘਟਨਾਵਾਂ ਦੀ ਰੋਕਥਾਮ ਲਈ ਪੁਲਿਸ ਦਾ ਵਿਸ਼ੇਸ਼ ਉਪਰਾਲਾ




ਅੰਮ੍ਰਿਤਸਰ, (ਲੋਕ ਬਾਣੀ)- ਏ.ਡੀ.ਜੀ.ਪੀ. ਟ੍ਰੈਫਿਕ ਏ.ਐਸ. ਰਾਏ ਅਤੇ ਗੁਰਪ੍ਰੀਤ ਸਿੰਘ ਭੁੱਲਰ ਸਾਹਿਬ ਪੁਲਿਸ ਕਮਿਸ਼ਨਰੇਟ ਅੰਮ੍ਰਿਤਸਰ ਦੇ ਦਿਸ਼ਾ ਨਿਰਦੇਸ਼ ਹੇਠ ਏ ਡੀ ਸੀ ਪੀ ਟਰੈਫਿਕ ਹਰਪਾਲ ਸਿੰਘ ਦੀ ਰਹਿਨੁਮਾਈ ਹੇਠ ਟ੍ਰੈਫਿਕ ਐਜੂਕੇਸ਼ਨ ਸੈੱਲ ਦੇ ਇੰਚਾਰਜ ਸਬ ਇੰਸਪੈਕਟਰ ਦਲਜੀਤ ਸਿੰਘ ਅਤੇ ਉਹਨਾਂ ਦੀ ਟੀਮ ਵੱਲੋ ਰੋਡ ਸੇਫਟੀ ਮਹੀਨਾ ਮਨਾਉਂਦੇ ਹੋਏ ਕਮਰਸ਼ੀਅਲ ਵਹੀਕਲਾ ਜਿਵੇਂ ਕਿ ਟਰੈਕਟਰ ਟਰਾਲੀਆ, ਰਿਕਵਰੀ ਵੈਨਾ , ਆਟੋ ਰਿਕਸ਼ਾ, ਭਾਰ ਢੋਣ ਵਾਲੇ ਵਹੀਕਲਾਂ ਉਪਰ ਏ ਸੀ ਪੀ ਟ੍ਰੈਫਿਕ ਗਗਨਦੀਪ ਸਿੰਘ, ਏ ਸੀ ਪੀ ਟ੍ਰੈਫਿਕ ਗੁਰਬਿੰਦਰ ਸਿੰਘ ਵਲੋ ਵਿਸ਼ੇਸ਼ ਤੌਰ ਪਹੁੰਚ ਕੇ ਆਪ ਰਿਫਲੈਕਟਿਡ ਲਗਾਏ ਅਤੇ ਡਰਾਈਵਰਾਂ ਨੂੰ ਟ੍ਰੈਫਿਕ ਨਿਯਮਾਂ ਪ੍ਰਤੀ ਜਾਗਰੂਕ ਕੀਤਾ ਗਿਆ ਤਾਂ ਜੋ ਧੁੰਦ ਦੇ ਮੌਸਮ ਵਿੱਚ ਸੜਕ ਕਿਨਾਰੇ ਪਾਰਕਿੰਗ ਹੋਇਆ ਵਹੀਕਲ, ਖ਼ਰਾਬ ਹੋਇਆ ਵਹੀਕਲ ਅਤੇ ਟੋਅ ਕੀਤਾ ਹੋਇਆ ਵਹੀਕਲ ਸੜਕ ਉੱਪਰ ਆ ਰਹੀ ਗੱਡੀ ਵਿਚਲੇ ਡਰਾਈਵਰ ਨੂੰ ਰਿਫਲੈਕਟਡ ਦਿਖਾਈ ਦੇ ਸਕੇ।

ਇਸ ਮੌਕੇ ਸਬ ਇੰਸਪੈਕਟਰ ਟਰੈਫਿਕ ਐਜੂਕੇਸ਼ਨ ਸੈਲ ਦਲਜੀਤ ਸਿੰਘ ਨੇ ਆਟੋ ਡਰਾਈਵਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੜਕ ਦੇ ਸੱਜੇ ਪਾਸੇ ਦਾ 50 ਫੀਸਦੀ ਹਿੱਸਾ ਛੱਡ ਕੇ ਚੱਲਣ ਨੂੰ ਯਕੀਨੀ ਬਣਾਉਣ ਅਤੇ ਹਮੇਸ਼ਾਂ ਹੀ ਸਵਾਰੀਆਂ ਨੂੰ ਖੱਬੇ ਸਾਈਡ ਉਤਰਨ ਲਈ ਜਾਗਰੂਕ ਕਰਨ। ਉਨ੍ਹਾਂ ਕਿਹਾ ਕਿ ਇਸ ਨਾਲ ਜਿਥੇ ਸੜਕੀ ਆਵਾਜਾਈ ਪ੍ਰਭਾਵਿਤ ਨਹੀਂ ਹੋਵੇਗੀ ਉਥੇ ਦੁਰਘਟਨਾਵਾਂ ਤੋਂ ਵੀ ਬਚਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸਰਦ ਰੁਤ ਅਤੇ ਧੁੰਦ ਦਾ ਮੌਸਮ ਹੋਣ ਕਾਰਨ ਗੱਡੀ ਘੱਟ ਰਫਤਾਰ ਤੇ ਚਲਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਆਵਾਜਾਈ ਅਤੇ ਵਾਹਨ ਦੀ ਗਤੀ ਨੂੰ ਧਿਆਨ ਵਿੱਚ ਰੱਖ ਕੇ ਓਵਰਟੇਕ ਕਰਨਾ ਚਾਹੀਦਾ ਹੈ । ਉਨ੍ਹਾਂ ਇਹ ਵੀ ਦੱਸਿਆ ਕਿ ਨਿਮਰਤਾ ਵਿੱਚ ਰਹਿ ਕੇ ਡਰਾਈਵਿੰਗ ਕਰਨੀ ਚਾਹੀਦੀ ਹੈ ਅਤੇ ਪਿਛੋਂ ਆਉਣ ਵਾਲੇ ਵਾਹਨ ਨੂੰ ਰਸਤਾ ਦੇਣ ਦੀ ਆਦਤ ਪਾਉਣੀ ਚਾਹੀਦੀ ਹੈ ਜਿਸ ਨਾਲ ਐਕਸੀਡੈਂਟ ਤੋਂ ਵੀ ਬਚਿਆ ਜਾ ਸਕਦਾ ਹੈ।

ਰੋਜ਼ਾਨਾ ਲੋਕ ਬਾਣੀ
www.lokbani

# ਯੂਪੀ ਦੇ ਸੀਐਮ ਯੋਗੀ ਨੇ ਮਹਿਲਾ ਸੰਮੇਲਨ ਚ ਕਿਹਾ- ਕੁਦਰਤ ਠੀਕ ਕਰਦੀ ਹੈ ਜੋ ਨਹੀਂ ਸੁਧਰਦਾ।

ਕਾਨਪੁਰ। ( ਸੁਨੀਲ ਬਾਜਪਾਈ) ਰਾਸ਼ਟਰਮੰਡਲ ਸੰਸਦ ਸੰਘ, ਉੱਤਰ ਪ੍ਰਦੇਸ਼ ਅਤੇ ਉੱਤਰਾਖੰਡ ਵਿਧਾਨ ਸਭਾ ਦੇ ਮਹਿਲਾ ਸੰਮੇਲਨ ਦਾ ਬੁੱਧਵਾਰ ਨੂੰ ਇੱਥੇ ਬਿਠੂਰ ਚ ਦੀਪ ਜਲਾ ਕੇ ਉਦਘਾਟਨ ਕਰਦੇ ਹੋਏ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਕਿਹਾ ਕਿ ਜੋ ਨਹੀਂ ਸੁਧਰਦਾ, ਕੁਦਰਤ ਉਸ ਨੂੰ ਸੁਧਾਰਦੀ ਹੈ। ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਚ ਦੇਸ਼ ਸੁਧਾਰ ਦੇ ਰਾਹ ਤੇ ਹੈ। ਲੋਕਤੰਤਰ ਵਿੱਚ ਅਸੀਂ ਕਦੇ ਵੀ ਆਪਣੇ ਵਿਚਾਰ ਦੂਜਿਆਂ ਤੇ ਨਹੀਂ ਥੋਪਦੇ।

ਕਾਮਨਵੈਲਥ ਪਾਰਲੀਮੈਂਟਰੀ ਐਸੋਸੀਏਸ਼ਨ ਦੇ ਪ੍ਰੋਗਰਾਮ ਵਿੱਚ ਯੂਪੀ-ਉਤਰਾਖੰਡ ਦੀਆਂ 56 ਮਹਿਲਾ ਵਿਧਾਇਕਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਯੂਪੀ ਵਿਧਾਨ ਸਭਾ ਪਿਛਲੇ 3 ਸਾਲਾਂ ਵਿੱਚ ਨਵੇਂ ਤਜ਼ਰਬਿਆਂ ਲਈ ਜਾਣੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਾਡੀ ਈ-ਵਿਧਾਨ ਸਭਾ ਪੇਪਰ ਰਹਿਤ ਹੈ। ਈ-ਸਿਸਟਮ ਨੂੰ ਲਾਗੂ ਕਰਨ ਚ ਅਸੀਂ ਦੇਸ਼ ਚ ਪਹਿਲੇ ਨੰਬਰ ਤੇ ਹਾਂ। ਅਸੈਂਬਲੀ ਵਿੱਚ ਇਕੱਠੇ ਬੈਠਦੇ ਹਾਂ।





ਫਿਰ ਅਸੀਂ ਸਮਾਜ ਬਾਰੇ ਸੋਚਦੇ ਹਾਂ।

ਉਨ੍ਹਾਂ ਕਿਹਾ ਕਿ ਪਹਿਲਾਂ ਲੋਕ ਕਹਿੰਦੇ ਸਨ ਕਿ ਜੋ ਕੁਝ ਨਹੀਂ ਕਰ ਸਕਦਾ, ਉਹ ਸਿਆਸਤ ਵਿੱਚ ਆਉਂਦਾ ਹੈ। ਅੱਜ ਦੀ ਰਾਜਨੀਤੀ ਵਿੱਚ ਸਭ ਕੁਝ ਜਾਣਨ ਵਾਲਾ ਹੀ ਰਾਜਨੀਤੀ ਕਰ ਸਕਦਾ ਹੈ।

ਇਸ ਦੌਰਾਨ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਜਨਹਿੱਤ ਵਿੱਚ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਚਰਚਾ ਕਰਦੇ ਹੋਏ ਕਿਹਾ ਕਿ ਅੱਜ ਅਸੀਂ 1 ਕਰੋੜ 91 ਲੱਖ ਬੱਚਿਆਂ ਨੂੰ ਜੁੱਤੀਆਂ, ਜੁਰਾਬਾਂ ਅਤੇ ਪੂਰੀ ਡਰੈੱਸ ਦੇ ਰਹੇ ਹਾਂ। ਜਨ ਪ੍ਰਤੀਨਿਧੀ ਵਜੋਂ ਅਧਿਆਪਕਾਂ ਨਾਲ ਗੱਲ ਕਰ ਸਕਦਾ ਹੈ। ਅਪਰੇਸ਼ਨ ਕਯਾਕਲਪ ਦੇ ਤਹਿਤ ਸਕੂਲਾਂ ਵਿੱਚ ਸੁਧਾਰ ਕੀਤਾ ਗਿਆ। ਇਹ ਕੰਮ ਲੋਕਾਂ ਦੀ ਭਾਗੀਦਾਰੀ ਨਾਲ ਕੀਤਾ ਗਿਆ। ਅੱਜ ਪਿੰਡ 5 ਤੋਂ 7 ਲੋਕਾਂ ਨੂੰ ਰੁਜ਼ਗਾਰ ਮੁਹੱਈਆ ਕਰਵਾ ਰਿਹਾ ਹੈ। ਅਸੀਂ ਸਵੈ-ਨਿਰਭਰ ਪਿੰਡ ਵੱਲ ਵਧ ਰਹੇ ਹਾਂ।

ਇਸ ਮੌਕੇ ਸਤੀਸ਼ ਮਹਾਨਾ ਨੇ ਕਿਹਾ ਕਿ ਭਾਰਤੀ ਸੰਸਕ੍ਰਿਤੀ ਵਿੱਚ ਦੇਵੀ ਦਾ ਉੱਚਾ ਦਰਜਾ ਹੈ। ਅਸੀਂ ਔਰਤਾਂ ਨੂੰ ਦੁਰਗਾ, ਕਾਲੀ ਅਤੇ ਸਰਸਵਤੀ ਕਹਿੰਦੇ ਹਾਂ। ਸਾਨੂੰ ਇਹ ਸੋਚਣਾ ਪਵੇਗਾ ਕਿ ਅਸੀਂ ਅਮਲ ਵਿੱਚ ਕਿੱਥੇ ਹਾਂ। ਵਿਧਾਨ ਸਭਾ ਦੇ ਸਪੀਕਰ ਸਤੀਸ਼ ਮਹਾਨਾ ਨੇ ਕਿਹਾ ਕਿ ਔਰਤਾਂ ਦੇ ਸਨਮਾਨ ਦੀ ਗੱਲ ਹਮੇਸ਼ਾ ਹੁੰਦੀ ਹੈ ਪਰ ਜਦੋਂ ਉਨ੍ਹਾਂ ਨੂੰ ਫਾਈਲ ਚ ਰੱਖਿਆ ਜਾਂਦਾ ਹੈ ਤਾਂ ਉਨ੍ਹਾਂ ਦੀ ਕੋਈ ਮਹੱਤਤਾ ਨਹੀਂ ਰਹਿੰਦੀ। ਪ੍ਰੋਗਰਾਮ ਵਿੱਚ ਯੂਪੀ ਦੀਆਂ 48 ਅਤੇ ਉੱਤਰਾਖੰਡ ਦੀਆਂ 8 ਮਹਿਲਾ ਵਿਧਾਇਕਾਂ ਨੇ ਹਿੱਸਾ ਲਿਆ।

# ਟ੍ਰੈਫਿਕ ਨਿਯਮਾਂ ਦੀ ਪਾਲਣਾ ਦੇ ਨਾਲ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਵੀ ਕੀਤੀ ਹਦਾਇਤ



ਫਗਵਾੜਾ ( ਸੁਸ਼ੀਲ ਸ਼ਰਮਾ) ਟ੍ਰੈਫਿਕ ਇੰਚਾਰਜ ਅਮਨ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਟ੍ਰੈਫਿਕ ਪੁਲਿਸ ਫਗਵਾੜਾ ਵਲੋਂ ਸਕੂਲ ਆਫ ਅਮੀਨੇਸ ਫਗਵਾੜਾ ਵਿਖੇ ਏ ਐਸ ਆਈ ਪ੍ਰਮਿੰਦਰ ਸਿੰਘ ਦੇ ਵੱਲੋਂ ਬੱਚਿਆਂ ਅਤੇ ਅਧਿਆਪਕਾਂ ਨੂੰ ਸੜਕ ਅਤੇ ਟ੍ਰੈਫਿਕ ਨਿਯਮਾਂ ਦਾ ਸੈਮੀਨਾਰ ਲਗਾ ਕੇ ਜਾਣਕਾਰੀ ਦਿੱਤੀ ਗਈ ਪ੍ਰਮਿੰਦਰ ਸਿੰਘ ਨੇ ਬੱਚਿਆਂ ਅਤੇ ਅਧਿਆਪਕਾਂ ਨੂੰ ਟਰੈਫਿਕ ਨਿਯਮਾਂ ਸੰਬੰਧਤ ਸਮਝਾਇਆ ਤੇ ਦੱਸਿਆ ਕਿਵੇਂ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਉਨ੍ਹਾਂ ਦੱਸਿਆ ਕਿ ਲੋਕ ਨਿਯਮਾਂ ਦੀ ਘੱਟ ਪਾਲਣਾ ਕਰਦੇ ਹਨ ਜਿਸ ਕਾਰਨ ਬਹੁਤ ਹਾਦਸੇ ਹੁੰਦੇ ਹਨ ਇਹਨਾਂ ਹਾਦਸਿਆਂ ਕਾਰਨ ਬਹੁਤ ਪਰਵਾਰਾਂ ਦੇ ਚਿਰਾਗ਼ ਬੁਝ ਗਏ ਹਨ ਜੇਕਰ ਅਸੀਂ ਇਹਨਾਂ ਹਾਦਸਿਆਂ ਤੋਂ ਬਚਣਾ ਹੈ ਤਾਂ ਸਾਨੂੰ ਟਰੈਫਿਕ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਸਾਨੂੰ ਸਾਰੇ ਟ੍ਰੈਫਿਕ ਨਿਯਮਾਂ ਦਾ ਪਤਾ ਹੋਣਾ ਚਾਹੀਦਾ ਹੈ ਜਿਸ ਬਾਬਤ ਸਾਰੇ ਬੱਚਿਆਂ ਨੂੰ ਟ੍ਰੈਫਿਕ ਨਿਯਮਾਂ ਬਾਰੇ ਸਮਝਾਇਆ ਗਿਆ ਅਤੇ ਨਿਯਮਾਂ ਬਾਰੇ ਪ੍ਰਸ਼ਨ ਉੱਤਰ ਵੀ ਪੁੱਛੇ ਟਰੈਫਿਕ ਨਿਯਮਾਂ ਦੀ ਪਾਲਣਾ ਦੇ ਨਾਲ-ਨਾਲ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਹਦਾਇਤ ਵੀ ਕੀਤੀ ਗਈ ਇਸ ਮੌਕੇ ਏ ਐਸ ਆਈ ਕੁਲਵਿੰਦਰ ਸਿੰਘ ,ਏ ਐਸ ਆਈ ਅਵਤਾਰ ਸਿੰਘ , ਸਕੂਲ ਪ੍ਰਿੰਸੀਪਲ ਰਣਜੀਤ ਕੁਮਾਰ ਗੋਗਨਾ , ਸ਼ਰੂਤੀ ਦੁੱਗਲ , ਮਨਜੀਤ ਕੌਰ , ਸਿਮਰਜੀਤ ਕੌਰ , ਰੀਤੂ ਗੋਗਨਾ , ਦੇਸ ਰਾਜ , ਕੁਲਵਿੰਦਰ ਕੁਮਾਰ , ਸਤਨਾਮ ਸਿੰਘ , ਸਤਵੰਤ ਟੂੰਰਾ , ਦੀਪਕ ਸਹਿਗਲ , ਪ੍ਰਵੀਨ ਬੁਤਾਂ , ਮਨੋਹਰ ਸਿੰਘ , ਕੁਲਦੀਪ ਸਿੰਘ , ਅਭਹੀਰਾਮ ਸਿਆਲ , ਦਿਨੇਸ਼ ਸਿੰਘ , ਵਿਨੋਦ ਕੁਮਾਰ ਮੌਜੂਦ ਸਨ ਪ੍ਰਿੰਸੀਪਲ ਵੱਲੋਂ ਸਾਰੀ ਟੀਮ ਨੂੰ ਸਨਮਾਨਤ ਕਰਕੇ ਉਹਨਾਂ ਦਾ ਧੰਨਵਾਦ ਕੀਤਾ

# ਪੰਜਾਬ ਚੋਣ ਕੁਇਜ਼-2025' ਸਿਰਲੇਖ ਹੇਠ ਸੂਬਾ-ਪੱਧਰੀ ਕੁਇਜ਼ ਮੁਕਾਬਲਿਆਂ ਦੀ ਆਨਲਾਈਨ ਰਜਿਸਟ੍ਰੇਸ਼ਨ ਸ਼ੁਰੂ

ਮਾਲੇਰਕੋਟਲਾ :(ਕਿੱਮੀ ਅਰੋੜਾ,ਅਸਲਮ ਨਾਜ਼) ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਮੁੱਖ ਚੋਣ ਅਫ਼ਸਰ ਪੰਜਾਬ ਵੱਲੋਂ ਰਾਸ਼ਟਰੀ ਵੋਟਰ ਦਿਵਸ ਸਬੰਧੀ ਪੰਜਾਬ ਇਲੈਕਸ਼ਨ ਕੁਇਜ਼-2025' ਕਰਵਾਇਆ ਜਾ ਰਿਹਾ ਹੈ, ਜਿਸ ਦਾ ਮੁੱਖ ਉਦੇਸ਼ ਵੋਟਰਾਂ ਦੀ ਸ਼ਮੂਲੀਅਤ, ਸਿੱਖਿਅਤ ਕਰਨਾ ਅਤੇ ਜਾਗਰੂਕਤਾ ਪੈਦਾ ਕਰਨਾ ਹੈ। ਪੰਜਾਬ ਚੋਣ ਕੁਇਜ਼-2025' ਸਿਰਲੇਖ ਅਧੀਨ ਕਰਵਾਏ ਜਾ ਰਹੇ ਕੁਇਜ ਮੁਕਾਬਲਿਆਂ ਪ੍ਰਤੀ ਜਾਗਰੂਕ ਕਰਨ ਲਈ ਸਹਾਇਕ ਕਮਿਸ਼ਨਰ ਗੁਰਮੀਤ ਕੁਮਾਰ ਬਾਂਸਲ ਦੀ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਅਤੇ ਸਹਾਇਕ ਸਵੀਪ ਨੋਡਲ ਅਫ਼ਸਰਾਂ ਦੀ ਮੀਟਿੰਗ ਹੋਈ । ਇਸ ਮੌਕੇ ਤਹਿਸ਼ੀਲਦਾਰ ਬ੍ਰਿਜ ਮੋਹਨ,ਸਹਾਇਕ ਜ਼ਿਲ੍ਹਾ ਨੋਡਲ ਅਫ਼ਸਰ ਮੁਹੰਮਦ ਬਸ਼ੀਰ, ਸਵੀਪ ਨੋਡਲ ਅਫ਼ਸਰ ਵਿਧਾਨ ਸਭਾ ਹਲਕਾ-106 ਅਮਰਗੜ ਬਹਾਦਰ ਸਿੰਘ,ਮਨਪ੍ਰੀਤ ਸਿੰਘ, ਮੌਜੂਦ ਸਨ ।

ਸਹਾਇਕ ਕਮਿਸ਼ਨਰ ਨੇ ਸਵੀਪ ਨੋਡਲ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਇਨ੍ਹਾਂ ਮੁਕਾਬਲਿਆਂ ਸਬੰਧੀ ਵੱਧ ਤੋਂ ਵੱਧ ਪ੍ਰਚਾਰ ਕੀਤਾ ਜਾਵੇ ਤਾਂ ਵੱਧ ਤੋਂ ਵੱਧ ਨੌਜਵਾਨ ਅਤੇ ਹੋਰ ਵੋਟਰ ਸੂਬਾ-ਪੱਧਰੀ ਕੁਇਜ਼ ਮੁਕਾਬਲਿਆਂ ਦੀ ਆਨਲਾਈਨ ਰਜਿਸਟ੍ਰੇਸ਼ਨ ਕਰ ਸਕਣ । ਇਸ ਸਬੰਧੀ ਜਾਣਕਾਰੀ ਦਿੰਦਿਆਂ ਸਹਾਇਕ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਇਲੈਕਸ਼ਨ ਕੁਇਜ਼-2025 ਦੀ ਆਨ ਲਾਈਨ ਰਜਿਸਟਰੇਸ਼ਨ 28 ਦਸੰਬਰ 2024 ਤੋਂ ਸ਼ੁਰੂ ਹੋ ਗਈ ਹੈ, ਚਾਹਵਾਨ ਉਮੀਦਵਾਰ 17 ਜਨਵਰੀ 2025 ਤੱਕ ਰਜਿਸਟਰ ਕਰ ਸਕਦੇ ਹਨ । ਉਨ੍ਹਾਂ ਹੋਰ ਜਾਣਕਾਰੀ ਦਿੰਦਿਆ ਦੱਸਿਆ ਕਿ ਆਨਲਾਈਨ ਕੁਇਜ਼ ਮੁਕਾਬਲਾ 19



ਜਨਵਰੀ, 2025 ਨੂੰ ਹੋਵੇਗਾ ਅਤੇ ਆਫ਼ਲਾਈਨ ਰਾਜ ਪੱਧਰੀ ਫਾਈਨਲ ਕੁਇਜ਼ ਮੁਕਾਬਲਾ ਲੁਧਿਆਣਾ ਵਿਖੇ 24 ਜਨਵਰੀ, 2025 ਨੂੰ ਹੋਵੇਗਾ। ਉਨ੍ਹਾਂ ਕਿਹਾ ਕਿ ਪ੍ਰਤੀਯੋਗਿਤਾ ਵਿਚ ਭਾਗ ਲੈਣ ਵਾਲਿਆ ਵੱਲੋਂ ਆਨਲਾਈਨ ਰਜਿਸਟਰੇਸ਼ਨ ਕਰਨ ਸਮੇਂ ਯੋਗ

# ਭਾਜਪਾ ਦੇ ਸੀਨੀਅਰ ਆਗੂ ਅਵਿਨਾਸ਼ ਰਾਏ ਖੰਨਾ ਭਾਜਪਾ ਆਗੂ ਅਮਨਜੋਤ ਕੌਰ ਰਾਮੂਵਾਲੀਆ ਦੀ ਮਾਤਾ ਜਰਨੈਲ ਕੌਰ ਦੀ ਮੌਤ ਤੇ ਅਫਸੋਸ ਪ੍ਰਗਟ ਕਰਨ ਲਈ ਪਹੁੰਚੇ



ਫਗਵਾੜਾ - ( ਸੁਸ਼ੀਲ ਸ਼ਰਮਾ )

ਭਾਜਾਪਾ ਦੇ ਸੀਨੀਅਰ ਆਗੂ ਅਵਿਨਾਸ਼ ਰਾਏ ਖੰਨਾ ਤੇ ਸੂਬਾ ਪ੍ਰੈੱਸ ਸਕੱਤਰ ਹਰਦੇਵ ਸਿੰਘ ਉੱਭਾ ਭਾਜਪਾ ਆਗੂ ਅਮਨਜੋਤ ਕੌਰ ਰਾਮੂਵਾਲੀਆ ਦੀ ਮਾਤਾ ਤੇ ਬਲਵੰਤ ਸਿੰਘ ਰਾਮੂਵਾਲੀਆ ਦੀ ਪਤਨੀ ਸ੍ਰੀਮਤੀ ਜਰਨੈਲ ਕੌਰ ਦੀ ਮੌਤ ਤੇ ਅਫਸੋਸ ਪ੍ਰਗਟ ਕਰਨ ਲਈ ਅਮਨਜੋਤ ਕੌਰ ਰਾਮੂਵਾਲੀਆ ਦੇ ਘਰ ਪਹੁੰਚੇ ।ਇਸ ਮੌਕੇ ਤੇ ਭਾਜਪਾ ਦੇ ਸਾਬਕਾ ਸੂਬਾ ਪ੍ਰਧਾਨ ਅਵਿਨਾਸ਼ ਰਾਏ ਖੰਨਾ ਨੇ ਅਮਨਜੋਤ ਕੌਰ ਰਾਮੂਵਾਲੀਆ ਨਾਲ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਮਾਤਾ ਜਰਨੈਲ ਕੌਰ ਦੀ ਮੌਤ ਸਾਡੇ ਸਭ ਲਈ ਨਾ ਪੂਰਾ ਹੋਣ ਵਾਲਾ ਘਾਟਾ ਹੈ ਦੁੱਖ ਦੀ ਇਸ ਘੜੀ ਵਿੱਚ ਭਾਰਤੀ ਜਨਤਾ ਪਾਰਟੀ ਰਾਮੂਵਾਲੀਆ ਪਰਿਵਾਰ ਦੇ ਮੋਢੇ ਨਾਲ ਮੋਢਾ ਜੋੜਕੇ ਖੜੀ ਹੈ ,ਪ੍ਰਮਾਤਮਾ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਤੇ ਵਿਛੜੀ ਰੂਹ ਨੂੰ ਆਪਣੇ ਚਰਨਾ ਵਿੱਚ ਨਿਵਾਸ ਬਖਸ਼ਣ।ਇਸ ਮੌਕੇ ਤੇ ਭਾਜਪਾ ਆਗੂ ਗੁਲਸ਼ਨ ਸੂਦ ਆਦਿ ਹਾਜ਼ਰ ਸਨ।

# ਜ਼ਿਲ੍ਹਾ ਪੁਲਿਸ ਪ੍ਰਸਾਸ਼ਨ ਮਾਲੇਰਕੋਟਲਾ ਨੂੰ ਨਸ਼ਿਆਂ ਅਤੇ ਅਪਰਾਧਾਂ ਤੋਂ ਮੁਕਤ ਕਰਨ ਲਈ ਵਚਨਬੱਧ- ਐਸ.ਐਸ.

ਮਾਲੇਰਕੋਟਲਾ :(ਕਿੱਮੀ ਅਰੋੜਾ,ਅਸਲਮ ਨਾਜ਼) ਸੀਨੀਅਰ ਕਪਤਾਨ ਪੁਲਿਸ ਮਾਲੇਰਕੋਟਲਾ ਗਗਨ ਅਜੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਿਲ੍ਹਾ ਮਾਲੇਰਕੋਟਲਾ ਪੁਲਿਸ ਵੱਲੋਂ ਸਾਲ 2024 ਦੌਰਾਨ ਵਧੀਆ ਕਾਰਜਗੁਜਾਰੀ ਕਰਦੇ ਹੋਏ ਨਸ਼ਾ ਸਮੱਗਲਰਾਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਐੱਨ.ਡੀ.ਪੀ.ਐਸ ਐਕਟ ਦੇ ਵੱਖ-ਵੱਖ ਥਾਣਿਆਂ ਵਿਖੇ ਦਰਜ ਮੁਕੱਦਮਿਆਂ ਦੇ ਦੋਸ਼ੀਆਂ ਖਿਲਾਫ ਅ/ਧ 68-ਐਨ.ਡੀ.ਪੀ.ਐਸ ਐਕਟ ਤਹਿਤ ਕਾਰਵਾਈ ਕਰਦੇ ਹੋਏ ਕੁੱਲ 20 ਕੇਸਾਂ ਵਿੱਚ 14,71,31,442 ਰੁਪਏ ਦੀ ਜਾਇਦਾਦ ਅਟੈਚ ਕਰਾਉਣ ਲਈ ਕੰਪੀਟੈਂਟ ਅਥਾਰਟੀ ਦਿੱਲੀ ਨੂੰ ਭੇਜੀ ਗਈ ਸੀ, ਜਿੰਨਾਂ ਵਿਚੋਂ 18 ਕੇਸਾਂ ਵਿਚ ਕੁੱਲ 13,39,57,142 ਰੁਪਏ ਦੀ ਜਾਇਦਾਦ ਅਟੈਚ ਕਰਵਾਈ ਗਈ ਹੈ।

ਉਨ੍ਹਾਂ ਹੋਰ ਦੱਸਿਆ ਕਿ ਐਨ.ਡੀ.ਪੀ. ਐਸ ਐਕਟ ਅਧੀਨ ਕਾਰਵਾਈ ਕਰਦੇ ਹੋਏ 199 ਮੁਕਦਮੇ ਦਰਜ ਕਰਕੇ, 267 ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਉਹਨਾਂ ਪਾਸੋਂ 993 ਕਿਲੋ ਗ੍ਰਾਮ ਕੁਕੀ ਚੂਰਾ ਪੋਸਤ, 03 ਕਿੱਲੋ 728 ਗ੍ਰਾਮ ਹੈਰੋਇਨ/ਚਿੱਟਾ, 36475 ਨਸ਼ੀਲੀਆਂ ਗੋਲੀਆਂ, 24 ਕਿਲੋ 955 ਗ੍ਰਾਮ ਅਫੀਮ 133 ਨਸ਼ੀਲੀਆਂ ਸੀਸੀਆਂ 13 ਕਿਲੋ 800 ਗ੍ਰਾਮ ਹਰੇ ਪੌਦੇ ਪੋਸਤ, 10 ਗ੍ਰਾਮ ਨਸ਼ੀਲਾ ਪਾਊਡਰ, 04 ਕਿੱਲੋ 870 ਗ੍ਰਾਮ ਸੁਲਫਾ, 07 ਕੈਪਸੂਲ, ਕੁਲ 2,58,000 ਰੁਪਏ ਡਰੰਗ ਮਨੀ ਅਤੇ 38 ਵਹੀਕਲ ਬ੍ਰਾਮਦ ਕੀਤੇ ਗਏ ਹਨ। ਇਸ ਤਰਾਂ ਹੀ ਐਕਸਾਈਜ਼ ਐਕਟ ਅਧੀਨ ਕਾਰਵਾਈ ਕਰਦੇ ਹੋਏ 40 ਮੁਕਦਮੇ ਦਰਜ ਕਰਕੇ ਕੁਲ 7788.500 ਲੀਟਰ ਨਜਾਇਜ ਸਰਾਬ ਅਤੇ 1327 ਲੀਟਰ ਲਾਹਣ ਬ੍ਰਾਮਦ ਕਰਵਾਇਆ ਗਿਆ ਹੈ 9 ਇਸ ਤੋਂ ਇਲਾਵਾ ਅਸਲਾ ਐਕਟ



ਅਧੀਨ ਕਾਰਵਾਈ ਕਰਦੇ ਦੋਸੀਆਂ ਪਾਸੋਂ 01 ਪਿਸਟਲ , 01ਰਿਵਾਲਵਰ, 02 ਦੇਸੀ ਕੱਟੇ, 01 ਹੈਂਡ ਗ੍ਰਨੇਡ ਅਤੇ 07 ਕਾਰਤੂਸ ਬ੍ਰਾਮਦ ਕੀਤੇ ਗਏ ਹਨ।

ਸਾਲ 2024 ਦੌਰਾਨ ਚੋਰੀ ਦੇ ਮੁਕੰਦਮਿਆਂ ਵਿਚ ਕੁੱਲ 13,48,000 ਰੁਪਏ ਦੇ ਵਹੀਕਲ ਅਤੇ 02 ਲੱਖ 28 ਹਜ਼ਾਰ ਰੁਪਏ ਦਾ ਹੋਰ ਚੋਰੀ ਸੁਦਾ ਸਮਾਨ ਅਤੇ ਲੁੱਟ ਖੋਹ ਅਤੇ ਡਕੈਤੀ ਅਧੀਨ ਦਰਜ ਮੁਕਦਮਿਆਂ ਵਿਚ ਕਰੀਬ 24,88,200 ਰੁਪਏ ਦੇ ਗਹਿਣੇ ਅਤੇ ਹੋਰ ਸਮਾਨ ਬ੍ਰਾਮਦ ਕਰਵਾ ਕੇ ਜਿਲ੍ਹਾ ਮਾਲੇਰਕੋਟਲਾ ਪੁਲਿਸ ਵਲੋਂ ਇਕ ਸ਼ਲਾਘਾਯੋਗ ਕੰਮ ਕੀਤਾ ਗਿਆ ਹੈ ਅਤੇ ਭਵਿਖ ਵਿੱਚ ਵੀ ਮਾੜੇ ਅਨਸਰਾਂ ਅਤੇ ਨਸਾਂ ਤਸਕਰਾਂ ਨੂੰ ਗ੍ਰਿਫਤਾਰ ਕਰਨ ਲਈ ਅਜਿਹੀਆਂ ਕੋਸ਼ਿਸ਼ਾਂ ਕੀਤੀਆ ਜਾਣਗੀਆਂ।

# ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

ਫਗਵਾੜਾ \ (ਸੁਸ਼ੀਲ ਸ਼ਰਮਾ) ਗੁਰਦੁਆਰਾ ਸਿੰਘ ਸਭਾ ਪ੍ਰੀਤ ਨਗਰ ਦੀ ਪ੍ਰਬੰਧਕੀ ਕਮੇਟੀ ਵਲੋਂ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਅਤੇ ਨੌਜਵਾਨ ਸਭਾ ਦੇ ਸਹਿਯੋਗ ਨਾਲ ਸਰਬੰਸਦਾਨੀ ਸਾਹਿਬੇ ਕਮਾਲ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਜਿਸ ਵਿੱਚ ਸ੍ਰੀ ਅਖੰਡ ਪਾਠ ਦੇ ਭੋਗ ਪੈਣ ਉਪਰੰਤ ਹੈੱਡ ਗ੍ਰੰਥੀ ਭਾਈ ਰਵਿੰਦਰ ਸਿੰਘ ਨੇ ਇਲਾਕੇ ਦੀ ਸੁੱਖ ਸ਼ਾਂਤੀ ਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ। ਸਮਾਗਮ ਦੌਰਾਨ ਹੈਡ ਗ੍ਰੰਥੀ ਰਵਿੰਦਰ ਸਿੰਘ ਨੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਸਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੰਦਿਆਂ ਕਿਹਾ ਕਿ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਜਦੋਂ ਵੀ ਸਿੰਘ ਨੂੰ ਸਿੰਘ ਮਿਲਦਾ ਹੈ ਤਾਂ ਗੁਰੂ ਸਾਹਿਬ ਵਲੋਂ ਬਖਸ਼ੀ ਫਤਹਿ ਜ਼ਰੂਰ ਗਜਾਇਆ ਕਰੋ,ਜਿਸ ਨਾਲ ਦੇਖਣ ਵਾਲੇ ਤੇ ਵੱਡਾ ਅਸਰ ਪੈਂਦਾ ਹੈ ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਇੱਕ ਗੌਰਵਮਈ ਇਤਿਹਾਸ ਹੈ ਜੋ ਕਿ ਸਾਰਾ ਪੜਦੇ ਰਹੀਏ ਉਹ ਮੁਕਦਾ ਨਹੀਂ,ਇਸ ਲਈ ਸਾਡਾ ਸਾਰਿਆਂ ਦਾ ਫ਼ਰਜ਼ ਵੀ ਬਣਦਾ ਹੈ ਕਿ ਇਤਿਹਾਸ ਜ਼ਰੂਰ ਪੜਿਆ ਕਰੀਏ ਇਸ ਮੌਕੇ ਤਿੰਨ ਦਿਨਾਂ ਚੱਲੇ ਸਮਾਗਮ ਦੌਰਾਨ ਜਿੰਨਾ ਪ੍ਰਾਣੀਆਂ ਨੇ ਕਿਸੇ ਤਰ੍ਹਾਂ ਦੀ ਸੇਵਾ ਕੀਤੀ ਅਤੇ ਸਮੁੱਚੀਆਂ ਸੰਗਤਾਂ ਦਾ ਗੁਰਦੁਆਰਾ ਸਿੰਘ ਸਭਾ ਪ੍ਰੀਤ ਨਗਰ ਪ੍ਰਬੰਧਕ ਕਮੇਟੀ ਪ੍ਰਧਾਨ ਅਵਤਾਰ ਸਿੰਘ ਵਲੋਂ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਇਸ ਮੌਕੇ ਪ੍ਰਧਾਨ ਅਵਤਾਰ ਸਿੰਘ ਮੋਹਣ ਸਿੰਘ,ਸ਼ਿੰਗਾਰਾ ਸਿੰਘ,ਸ਼ਮਿੰਦਰ ਸਿੰਘ,ਸਾਬਕਾ ਕੌਸਲਰ ਬੀਬੀ ਸਰਬਜੀਤ ਕੌਰ,ਬੀਬੀ ਪ੍ਰਮਜੀਤ ਕੌਰ ਕੰਬੋਜ,ਕੌਸਲਰ ਗੀਨਾ ਰਾਣੀ,ਸੰਜੀਵ ਕੁਮਾਰ ਟੀਟੂੰ,ਸੰਨੀ,ਸੋਖਾ,ਸੁਖਵਿੰਦਰ ਸੁੱਖੀ,ਸੋਨੂੰ ਚੀਮਾ,ਸਤਨਾਮ ਸਿੰਘ,ਮਲਕੀਅਤ ਸਿੰਘ,ਕੁਲਵੀਰ ਸਿੰਘ,ਪੰਮਾ, ਬ੍ਰਹਮ ਜੋਤ,ਸਹਿਜੋਤ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ।





ਰੋਜ਼ਾਨਾ ਲੋਕ ਬਾਣੀ www.lokbani

# ਸ਼ਹੀਦ ਭਗਤ ਸਿੰਘ ਵੈਲਫੇਅਰ ਸੁਸਾਇਟੀ ਵੱਲੋਂ ਸ੍ਰੀ ਹਨੂੰਮਾਨਗੜ੍ਹੀ ਮੰਦਿਰ ਵਿੱਚ ਹਫਤਾਵਾਰੀ ਲੰਗਰ ਲਗਾਇਆ ਗਿਆ।



ਫਗਵਾੜਾ (ਸੁਸ਼ੀਲ ਸ਼ਰਮਾ) ਸ਼ਹੀਦ ਭਗਤ ਸਿੰਘ ਵੈਲਫੇਅਰ ਸੁਸਾਇਟੀ ਦੀ ਤਰਫੋਂ ਸ੍ਰੀ ਹਨੂੰਮਾਨਗੜ੍ਹੀ ਮੰਦਿਰ ਜੀ.ਟੀ.ਰੋਡ, ਫਗਵਾੜਾ ਵਿਖੇ ਮੰਗਲਵਾਰ ਨੂੰ ਹਫਤਾਵਾਰੀ ਲੰਗਰ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਸਮੂਹ ਸੁਸਾਇਟੀ ਮੈਂਬਰਾਂ ਨੇ ਭਗਵਾਨ ਸ਼੍ਰੀ ਹਨੂੰਮਾਨ ਜੀ ਦੀ ਵਿਸ਼ਾਲ ਮੂਰਤੀ ਅੱਗੇ ਮੱਥਾ ਟੇਕਿਆ ਅਤੇ ਆਸ਼ੀਰਵਾਦ ਲੈਣ ਉਪਰੰਤ ਲੰਗਰ ਦੀ ਸ਼ੁਰੂਆਤ ਕੀਤੀ ਗਈ। ਇਸ ਦੌਰਾਨ ਸੁਸਾਇਟੀ ਦੇ ਚੇਅਰਮੈਨ ਰਾਜੀਵ ਚਹਿਲ ਰਾਜੂ,ਪ੍ਰਧਾਨ ਸ਼ਿਵ ਸ਼ਰਮਾ ਤੇ ਹੋਰਨਾਂ ਵੱਲੋਂ ਮੰਦਰ ਦੇ ਪੁਜਾਰੀਆਂ ਦਾ ਸਨਮਾਨ ਕੀਤਾ ਗਿਆ। ਰਾਜੂ ਚਹਿਲ ਨੇ ਕਿਹਾ ਕਿ ਭਗਵਾਨ ਸ਼੍ਰੀ ਹਨੂੰਮਾਨ ਜੀ ਦੀ ਕਿਰਪਾ ਨਾਲ ਲੰਗਰ ਦੀ ਸੇਵਾ ਪ੍ਰਾਪਤ ਕਰਨਾ ਉਨ੍ਹਾਂ ਦੇ ਸਮਾਜ ਲਈ ਸੁਭਾਗ ਦੀ ਗੱਲ ਹੈ। ਵੱਡੀ ਗਿਣਤੀ ਵਿੱਚ ਹਾਜ਼ਰ ਸੰਗਤ ਨੇ ਲੰਗਰ ਪ੍ਰਸ਼ਾਦ ਨੂੰ ਪਿਆਰ ਨਾਲ ਪ੍ਰਵਾਨ ਕੀਤਾ। ਪ੍ਰਧਾਨ ਸ਼ਿਵ ਸ਼ਰਮਾ ਨੇ ਭਗਵਾਨ ਹਨੂੰਮਾਨ ਜੀ ਨੂੰ ਸਾਰਿਆਂ ਤੇ ਆਪਣਾ ਆਸ਼ੀਰਵਾਦ ਦੇਣ ਲਈ ਪ੍ਰਾਰਥਨਾ ਕੀਤੀ। ਇਸ ਮੌਕੇ ਸੁਸਾਇਟੀ ਦੇ ਜਨਰਲ ਸਕੱਤਰ ਜਸਵਿੰਦਰ ਸਾਬਾ,ਸੀਨੀਅਰ ਮੀਤ ਪ੍ਰਧਾਨ ਰਾਹੁਲ ਸਿੰਘ ਸ਼ੈਰੀ, ਕੈਸ਼ੀਅਰ ਹਨੀ ਭੀਮ,ਸਕੱਤਰ ਰਾਹੁਲ ਕਰਵਲ ਤੋਂ ਇਲਾਵਾ ਬਲਰਾਮ ਸ਼ਰਮਾ,ਰਜਿੰਦਰਾ ਸ਼ਰਮਾ ਜੀਂਦ,ਗੌਰਵ ਬੱਗਾ,ਵਿਸ਼ੂ ਐਰੀ,ਦੀਪੂ,ਅਰਜੁਨ,ਰਮਨ,ਪ੍ਰਦੀਪ ਸ਼ਰਮਾ,ਵਿਨਾਇਕ, ਅਮਰਜੀਤ,ਅੰਬਰ ਆਦਿ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਵਧੀਕ ਡਿਪਟੀ ਕਮਿਸ਼ਨਰ ਵਲੋਂ ਗਣਤੰਤਰ ਦਿਵਸ ਸਬੰਧੀ ਤਿਆਰੀਆਂ ਦਾ ਜਾਇਜ਼ਾ

## *24 ਨੂੰ ਹੋਵੇਗੀ ਫੁੱਲ ਡਰੈਸ ਰਿਹਰਸਲ




ਫ਼ਗਵਾੜਾ (ਸੁਸ਼ੀਲ ਸ਼ਰਮਾ) ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਵਰਿੰਦਰਪਾਲ ਸਿੰਘ ਬਾਜਵਾ ਵਲੋਂ ਅੱਜ ਗਣਤੰਤਰ ਦਿਵਸ ਸਬੰਧੀ ਹੋਣ ਵਾਲੇ ਜਿਲ੍ਹਾ ਪੱਧਰੀ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਸਮਾਗਮ ਗੁਰੂ ਨਾਨਕ ਸਟੇਡੀਅਮ ਵਿਖੇ ਹੋਵੇਗਾ ਜਿਸ ਲਈ 21 ਜਨਵਰੀ ਤੋਂ ਰਿਹਰਸਲ ਸ਼ੁਰੂ ਹੋਣਗੀਆਂ ਤੇ 24 ਜਨਵਰੀ ਨੂੰ ਫੁੱਲ ਡਰੈਸ ਰਿਹਰਸਲ ਹੋਵੇਗੀ।

ਸ੍ਰੀ ਬਾਜਵਾ ਨੇ ਦੱਸਿਆ ਕਿ ਸਮਾਗਮ ਨੂੰ ਸਫਲਤਾਪੂਰਵਕ ਕਰਵਾਉਣ ਲਈ ਵੱਖ-ਵੱਖ ਕਮੇਟੀਆਂ ਦਾ ਗਠਨ ਕਰ ਦਿੱਤਾ ਗਿਆ ਹੈ। ਉਨ੍ਹਾਂ ਇਸ ਮੌਕੇ ਸਟੇਡੀਅਮ ਦੀ ਸਾਫ ਸਫਾਈ, ਸ਼ਹਿਰ ਦੇ ਸੁੰਦਰੀਕਰਨ, ਸੁਰੱਖਿਆ,ਆਵਾਜਾਈ, ਬੈਰਕੇਟਿੰਗ, ਲੋਕਾਂ ਦੇ ਬੈਠਣ,ਸਟੇਜ ਦੀ ਸਜਾਵਟ,ਬੈਂਡ ਦੇ ਪ੍ਰਬੰਧਾਂ, ਕਰਮਚਾਰੀਆਂ ਦੀਆਂ ਡਿਊਟੀਆਂ,ਫਸਟ ਏਡ,ਬਿਜਲੀ ਤੇ ਸਾਊਂਡ ਦੇ ਪ੍ਰਬੰਧਾਂ ਦੀ ਸਮੀਖਿਆ ਕੀਤੀ।

ਉਨ੍ਹਾਂ ਦੱਸਿਆ ਕਿ ਵਿਭਾਗੀ ਮੁਖੀ ਜਿਹੜੇ ਕਰਮਚਾਰੀਆਂ, ਅਧਿਕਾਰੀਆਂ ਦਾ ਸ਼ਾਨਦਾਰ ਸੇਵਾਵਾਂ ਬਦਲੇ ਸਨਮਾਨ ਹੋਣਾ ਹੈ ਉਨਾਂ ਦੇ ਨਾਵਾਂ ਦੀ ਸਿਫਾਰਸ਼ 20 ਜਨਵਰੀ ਤੋਂ ਪਹਿਲਾਂ-ਪਹਿਲਾਂ ਭੇਜ ਦਿੱਤੀ ਜਾਵੇ। ਜਿਸ ਕਰਮਚਾਰੀ ਦਾ ਪਿਛਲੇ 2 ਸਾਲਾਂ ਦੌਰਾਨ ਆਜਾਦੀ ਦਿਹਾੜੇ ਜਾਂ ਗਣਤੰਤਰ ਦਿਵਸ ਮੌਕੇ ਸਨਮਾਨ ਹੋਇਆ ਹੈ ਉਨ੍ਹਾਂ ਦੇ ਨਾਵਾਂ ਨੂੰ ਨਹੀਂ ਵਿਚਾਰਿਆ ਜਾਵੇਗਾ।

ਸਮਾਗਮ ਦੌਰਾਨ ਪੁਲਿਸ, ਹੋਮਗਾਰਡ, ਐਨ.ਸੀ.ਸੀ., ਸਿੱਖਿਆ ਵਿਭਾਗ, ਗਰਲਜ਼ ਗਾਇਡ ਤੇ ਸੈਨਿਕ ਸਕੂਲ ਦੀ ਟੁਕੜੀ ਮਾਰਚ ਪਾਸਟ ਵਿਚ ਭਾਗ ਲਵੇਗੀ। ਸਮਾਗਮ ਦੌਰਾਨ ਸੱਭਿਆਚਾਰਕ ਪ੍ਰੋਗਰਾਮ ਦੇਸ਼ ਭਗਤੀ ਦੇ ਰੰਗ ਵਿਚ ਰੰਗਿਆ ਹੋਵੇਗਾ ਜਿਸ ਲਈ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਦੀ ਅਗਵਾਈ ਹੇਠ ਕਮੇਟੀ ਦਾ ਗਠਨ ਕੀਤਾ ਗਿਆ ਹੈ। ਇਸ ਵਿਚ ਐਸ.ਡੀ.ਐਮ. ਕਪੂਰਥਲਾ, ਡੀ.ਪੀ.ਆਰ.ਓ ਤੇ ਜਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਤੇ ਐਲੀਮੈਂਟਰੀ ਮੈਂਬਰ ਹੋਣਗੇ।

ਸ੍ਰੀ ਬਾਜਵਾ ਨੇ ਕਿਹਾ ਕਿ ਸਮੂਹ ਵਿਭਾਗ ਸਮਾਗਮ ਲਈ ਹੁਣ ਤੋਂ ਹੀ ਤਿਆਰੀਆਂ ਸ਼ੁਰੂ ਕਰਨ ਤੇ ਪੂਰੀ ਇਮਾਨਦਾਰੀ ਤੇ ਸਮਰਪਣ ਭਾਵਨਾ ਨਾਲ ਡਿਊਟੀ ਨਿਭਾਉਣ। ਇਸ ਮੌਕੇ ਐਸ.ਡੀ.ਐਮ ਮੇਜਰ ਇਰਵਿਨ ਕੌਰ, ਐਸ.ਪੀ. ਗੁਰਪ੍ਰੀਤ ਸਿੰਘ, ਜਿਲ੍ਹਾ ਲੋਕ ਸੰਪਰਕ ਅਫਸਰ ਸੁਬੇਗ ਸਿੰਘ, ਡੀ.ਡੀ.ਪੀ.ਓ. ਸ਼ਤੀਸ਼ ਕੁਮਾਰ, ਮੁੱਖ ਖੇਤੀਬਾੜੀ ਅਫਸਰ ਡਾ.ਬਲਬੀਰ ਚੰਦ, ਸਹਾਇਕ ਸਿਵਲ ਸਰਜਨ ਡਾ ਅਨੂ ਰਤਨ ਤੇ ਹੋਰਨਾਂ ਵਿਭਾਗਾਂ ਦੇ ਮੁਖੀ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਇਲੈਕਟ੍ਰੋਹੋਮਿਓਪੈਥੀ ਦੇ ਜਨਮਦਾਤਾ ਕਾਊਂਟ ਸੀਜਰ ਮੈਟੀ ਦੇ ਜਨਮਦਿਨ ਨੂੰ ਸਮਰਪਿਤ ਪ੍ਰੋਗਰਾਮ 11 ਜਨਵਰੀ



ਫਗਵਾੜਾ ( ਸੁਸ਼ੀਲ ਸ਼ਰਮਾ) ਇਲੈਕਟ੍ਰੋਹੋਮਿਓਪੈਥੀ ਦੇ ਜਨਮਦਾਤਾ ਕਾਊਂਟ ਸੀਜਰ ਮੈਟੀ ਦੇ ਜਨਮਦਿਨ ਨੂੰ ਸਮਰਪਿਤ ਇੱਕ ਪ੍ਰੋਗਰਾਮ ਮਿਤੀ 11 ਜਨਵਰੀ ਦਿਨ ਸ਼ਨੀਵਾਰ ਅਮਨ ਈ ਐਚ ਕੈਂਸਰ ਐਂਡ ਕਿਡਨੀ ਹਸਪਤਾਲ ਸਾਹਮਣੇ ਹਵੇਲੀ ਹੈਰੀਟੇਜ ਵਿਖੇ ਸਵੇਰੇ 12 ਵਜੇ ਤੋਂ ਦੁਪਹਿਰ 2.00 ਵਜੇ ਤੱਕ ਹੋਵੇਗਾ ਇਸ ਸਬੰਧੀ ਜਾਣਕਾਰੀ ਦਿੰਦਿਆਂ ਹਸਪਤਾਲ ਦੇ ਐਮ ਡੀ ਡਾ ਜਸਵੰਤ ਸਿੰਘ ਗਿੱਲ ਨੇ ਦੱਸਿਆ ਕਿ ਇਸ ਮੌਕੇ ਡਾ ਕਾਊਂਟ ਸੀਜਰ ਮੈਟੀ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਚਾਨੰਣਾ ਪਾਇਆ ਜਾਵੇਗਾ ਉਨ੍ਹਾਂ ਸਮੂਹ ਇਲੈਕਟ੍ਰੋਹੋਮਿਓਪੈਥੀ ਨਾਲ ਸਬੰਧਤ ਡਾਕਟਰਾ ਨੂੰ ਇਸ ਮੌਕੇ ਸ਼ਾਮਿਲ ਹੋਣ ਦੀ ਅਪੀਲ ਕੀਤੀ

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਵੱਲੋਂ ਜ਼ਿਲ੍ਹਾ ਹੈਰੀਟੇਜ ਸੁਸਾਇਟੀ ਦਾ ਵਿਰਸਾ ਗੁਰਦਾਸਪੁਰ ਕਲੰਡਰ-2025 ਜਾਰੀ




ਗੁਰਦਾਸਪੁਰ-ਨਵਨੀਤ ਕੁਮਾਰ -

ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਵੱਲੋਂ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫ਼ਰੰਸ ਹਾਲ ਵਿਖੇ ਜ਼ਿਲ੍ਹਾ ਹੈਰੀਟੇਜ ਸੁਸਾਇਟੀ ਗੁਰਦਾਸਪੁਰ ਵੱਲੋਂ ਤਿਆਰ ਕੀਤਾ ਸਾਲ 2025 ਦਾ ਵਿਰਸਾ ਕਲੰਡਰ ਜਾਰੀ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਗੁਰਪ੍ਰੀਤ ਸਿੰਘ ਗਿੱਲ, ਐੱਸ.ਡੀ.ਐੱਮ. ਦੀਨਾਨਗਰ ਸ. ਜਸਪਿੰਦਰ ਸਿੰਘ, ਆਈ.ਏ.ਐੱਸ., ਸਾਬਕਾ ਵਧੀਕ ਡਿਪਟੀ ਕਮਿਸ਼ਨਰ ਤੇ ਜ਼ਿਲ੍ਹਾ ਹੈਰੀਟੇਜ ਸੁਸਾਇਟੀ ਦੇ ਜਨਰਲ ਸਕੱਤਰ ਸ. ਤਜਿੰਦਰਪਾਲ ਸਿੰਘ ਸੰਧੂ, ਐੱਸ.ਡੀ.ਐੱਮ. ਡੇਰਾ ਬਾਬਾ ਨਾਨਕ ਸ. ਰਾਜਪਾਲ ਸਿੰਘ ਸੇਖੋਂ, ਐੱਸ.ਡੀ.ਐੱਮ. ਗੁਰਦਾਸਪੁਰ ਡਾ. ਕਰਮਜੀਤ ਸਿੰਘ, ਐਕਸੀਅਨ ਮਾਈਨਿੰਗ ਸ. ਦਿਲਪ੍ਰੀਤ ਸਿੰਘ, ਐਕਸੀਅਨ ਜਲ ਸਪਲਾਈ ਵਿਭਾਗ ਸ੍ਰੀ ਕੰਵਰਜੀਤ ਰੱਤੜਾ ਤੋਂ ਇਲਾਵਾ ਹੋਰ ਜ਼ਿਲ੍ਹਾ ਅਧਿਕਾਰੀ ਅਤੇ ਜ਼ਿਲ੍ਹਾ ਹੈਰੀਟੇਜ ਸੁਸਾਇਟੀ ਦੇ ਅਹੁਦੇਦਾਰ ਹਾਜ਼ਰ ਸਨ। ਜ਼ਿਲ੍ਹਾ ਹੈਰੀਟੇਜ ਸੁਸਾਇਟੀ ਦੇ ਵਿਰਸਾ ਕਲੰਡਰ-2025 ਨੂੰ ਜਾਰੀ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਕਿਹਾ ਕਿ ਇਸ ਕਲੰਡਰ ਰਾਹੀਂ ਜ਼ਿਲ੍ਹਾ ਹੈਰੀਟੇਜ ਸੁਸਾਇਟੀ ਨੇ ਜ਼ਿਲ੍ਹਾ ਗੁਰਦਾਸਪੁਰ ਦੇ ਅਮੀਰ ਵਿਰਸੇ ਨੂੰ ਦਰਸਾਉਣ ਦਾ ਖ਼ੂਬਸੂਰਤ ਉਪਰਾਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਕਲੰਡਰ ਵਿੱਚ ਜ਼ਿਲ੍ਹੇ ਦੇ ਪ੍ਰਮੁੱਖ ਇਤਿਹਾਸਕ ਸਥਾਨਾਂ ਦੀਆਂ ਤਸਵੀਰਾਂ ਦੇ ਨਾਲ ਸੰਖੇਪ ਵਿੱਚ ਉਨ੍ਹਾਂ ਦੀ ਇਤਿਹਾਸਕ ਮਹੱਤਤਾ ਬਾਰੇ ਦੱਸਿਆ ਗਿਆ ਹੈ। ਉਨ੍ਹਾਂ ਨੇ ਇਸ ਉਪਰਾਲੇ ਲਈ ਜ਼ਿਲ੍ਹਾ ਹੈਰੀਟੇਜ ਸੁਸਾਇਟੀ ਦੇ ਜਨਰਲ ਸਕੱਤਰ ਸ. ਤਜਿੰਦਰਪਾਲ ਸਿੰਘ ਸੰਧੂ ਅਤੇ ਸਮੂਹ ਮੈਂਬਰਾਂ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਉਨ੍ਹਾਂ ਜ਼ਿਲ੍ਹਾ ਹੈਰੀਟੇਜ ਸੁਸਾਇਟੀ ਵੱਲੋਂ ਆਪਣੇ ਵਿਰਸੇ ਅਤੇ ਇਤਿਹਾਸ ਦੀ ਸੰਭਾਲ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਕਿਹਾ ਕਿ ਇਸ ਸਾਲ ਜ਼ਿਲ੍ਹੇ ਦੀ ਅਮੀਰ ਧਾਰਮਿਕ, ਇਤਿਹਾਸਕ ਅਤੇ ਕੁਦਰਤੀ ਵਿਰਾਸਤ ਨੂੰ ਉਜ਼ਾਗਰ ਤੇ ਉਤਸ਼ਾਹਤ ਕਰਨ ਦੇ ਹੋਰ

# ਪ.ਸ.ਸ.ਫ. ਵਲੋਂ ਸਾਲ 2025 ਦਾ ਕਲੰਡਰ ਰਿਲੀਜ਼ ਕੀਤਾ ਗਿਆ


ਪ.ਸ.ਸ.ਫ. ਦਾ ਸਾਲ 2025 ਦਾ ਕਲੰਡਰ ਰਿਲੀਜ਼ ਕਰਦੇ ਸੂਬਾਈ ਆਗੂ

ਫ਼ਗਵਾੜਾ (ਸੁਸ਼ੀਲ ਸ਼ਰਮਾ) ਸੂਬੇ ਦੇ ਸਮੁੱਚੇ ਮੁਲਾਜ਼ਮਾਂ ਦੀ ਸੰਘਰਸ਼ਸ਼ੀਲ ਜੱਥੇਬੰਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ.ਸ.ਸ.ਫ.) ਵਲੋਂ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਇੱਕ ਸੂਬਾ ਪੱਧਰੀ ਇਕੱਤਰਤਾ ਕੀਤੀ ਗਈ। ਇਸ ਮੌਕੇ ਕੀਤੀਆਂ ਗਈਆਂ ਵਿਚਾਰਾਂ ਉਪਰੰਤ ਜੱਥੇਬੰਦੀ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ ਅਤੇ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਦੀ ਅਗਵਾਈ ਹੇਠ ਪ.ਸ.ਸ.ਫ.ਦਾ ਸਾਲ 2025 ਦਾ ਕਲੰਡਰ ਰਿਲੀਜ਼ ਕੀਤਾ ਗਿਆ। ਕਲੰਡਰ ਸਬੰਧੀ ਜਾਣਕਾਰੀ ਦਿੰਦਿਆਂ ਜੱਥੇਬੰਦੀ ਦੇ ਸੂਬਾ ਪ੍ਰੈਸ ਸਕੱਤਰ ਇੰਦਰਜੀਤ ਵਿਰਦੀ ਨੇ ਦੱਸਿਆ ਕਿ ਜੱਥੇਬੰਦੀ ਦੇ ਇਸ ਕਲੰਡਰ ਵਿੱਚ ਪ.ਸ.ਸ.ਫ.ਅਤੇ ਇਸ ਨਾਲ ਸਬੰਧਿਤ ਜੱਥੇਬੰਦੀਆਂ ਵਲੋਂ ਕੀਤੇ ਗਏ ਸੂਬਾ ਪੱਧਰੀ ਪ੍ਰਦਰਸ਼ਨਾਂ ਨੂੰ ਪ੍ਰਕਾਸ਼ਿਤ ਕੀਤਾ ਗਿਆ ਹੈ ਤਾਂ ਜੋ ਪਿਛਲੇ ਸਾਲ ਦੌਰਾਨ ਕੀਤੇ ਗਏ ਸੰਘਰਸ਼ਾਂ ਤੋਂ ਮੁਲਾਜ਼ਮ ਵਰਗ ਨੂੰ ਜਾਣੂ ਕਰਵਾਇਆ ਜਾਂਦਾ ਰਹੇ ਅਤੇ ਇਹਨਾਂ ਸੰਘਰਸ਼ਾਂ ਤੋਂ ਪ੍ਰੇਰਣਾ ਲੈ ਕੇ ਭਵਿੱਖ ਵਿੱਚ ਸੰਘਰਸ਼ਾਂ ਦੀ ਰੂਪ-ਰੇਖਾ ਉਲ਼ੀਕੀ ਜਾ ਸਕੇ।ਇਸਦੇ ਨਾਲ ਹੀ ਪੰਜਾਬ ਸਰਕਾਰ ਦੇ ਪੱਤਰ ਨੰਬਰ 06/01/2024-2 ਪੀ ਪੀ 3/67 ਮਿਤੀ 11-12-24 ਅਨੁਸਾਰ ਗਜ਼ਟਿਡ ਅਤੇ ਰਾਖਵੀਆਂ ਛੁੱਟੀਆਂ ਪ੍ਰਕਾਸ਼ਿਤ ਕੀਤੀਆਂ ਗਈਆਂ ਹਨ। ਨਗਰ ਕੀਰਤਨ/ ਸ਼ੋਭਾ ਯਾਤਰਾ ਤੇ ਜਾਣ ਸਬੰਧੀ ਵੀ ਪਿਛਲੇ ਅੱਧੇ ਦਿਨ ਦੀਆਂ ਚਾਰ ਲਈਆਂ ਜਾਣ ਵਾਲੀਆਂ ਛੁੱਟੀਆਂ ਦੇ ਦਿਨਾਂ ਨੂੰ ਵੀ ਦਰਸਾਇਆ ਗਿਆ ਹੈ।ਉਹਨਾਂ ਦੱਸਿਆ ਕਿ ਇਸਦੇ ਨਾਲ ਹੀ ਮੱਸਿਆ, ਪੁਨਿਆਂ ਅਤੇ ਸੰਗਰਾਦ ਸਬੰਧੀ ਵੀ ਜਾਕਾਰੀ ਪ੍ਰਦਾਨ ਕੀਤੀ ਗਈ ਹੈ। ਜੱਥੇਬੰਦੀ ਦੇ ਸੂਬਾ ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ ਨੇ ਦੱਸਿਆ ਕਿ ਇਸ ਸਾਲ ਦਾ ਕਲੰਡਾ ਜੱਥੇਬੰਦੀ ਦੇ ਮਹਨ ਆਗੂ ਸਾਥੀ ਵੇਦ ਪ੍ਰਕਾਸ਼ ਨੂੰ ਸਮਰਪਿਤ ਕੀਤਾ ਗਿਆ ਹੈ ਇਸਦੀ ਬਹੁਤ ਹੀ ਵਾਜਬ ਕੀਮਤ ਰੱਖੀ ਗਈ ਹੈ।ਸੂਬਾ ਪ੍ਰਧਾਨ ਸਾਥੀ ਸਤੀਸ਼ ਰਾਣਾ ਨੇ ਕਿਹਾ ਕਿ ਕਲੰਡਰ ਜੱਥੇਬੰਦੀ ਦਾ ਬੁਲਾਰਾ ਹੈ ਅਤੇ ਇਸਨੂੰ ਹਰ ਮੁਲਾਜ਼ਮ/ ਪੈਨਸ਼ਨਰ ਤੱਕ ਪੁਜਦਾ ਕਰਨਾ ਚਾਹੀਦਾ ਹੈ। ਸਕੂਲਾਂ/ ਦਫਤਰਾਂ ਦੀਆਂ ਦੀਵਾਰਾਂ ਤੇ ਲੱਗਾ ਕਲੰਡਰ ਜੱਥੇਬੰਦੀ ਦੀ ਪਹਿਚਾਣ ਬਣਦਾ ਹੈ। ਉਹਨਾਂ ਨੇ ਜੱਥੇਬੰਦੀ ਦੇ ਆਗੂਆਂ ਨੂੰ ਅਪੀਲ ਕੀਤੀ ਕਿ ਕਲੰਡਰ ਨੂੰ ਹਰ ਦਫਤਰ ਅਤੇ ਹਰ ਮੁਲਾਜ਼ਮ ਤੱਕ ਪਹੁੰਚਾਇਆ ਜਾਵੇ। ਉਹਨਾਂ ਆਖਿਆ ਕਿ ਮੁਲਾਜ਼ਮ ਵਰਗ ਨੂੰ ਅਗਲੇ ਸੰਘਰਸ਼ਾਂ ਲਈ ਤਿਆਰ ਰਹਿਣਾ ਚਾਹਦਾ ਹੈ ਤਾਂ ਜੋ ਇਸ ਅੜੀਅਲ ਸਰਕਾਰ ਤੋਂ ਮੰਗਾਂ ਨੂੰ ਮਨਾਇਆ ਜਾ ਸਕੇ। ਇਸ ਮੌਕੇ ਉਪੋਕਤ ਆਗੂਆਂ ਤੋਂ ਇਲਾਵਾ ਜਤਿੰਦਰ ਕੁਮਾਰ,ਪੁਸ਼ਪਿੰਦਰ ਵਿਰਦੀ,ਪ੍ਰੇਮ ਚੰਦ ਆਜ਼ਾਦ,ਬਲਜਿੰਦਰ ਸਿੰਘ,ਬੀਰਇੰਦਰਜੀਤ ਪੁਰੀ,ਬਲਵਿੰਦਰ ਭੁੱਟੋ,ਬੋਬਿੰਦਰ ਸਿੰਘ,ਲਖਵਿੰਦਰ ਸਿੰਘ, ਗੁਰਦੇਵ ਸਿੰਘ ਸਿੱਧੂ,ਕੌਰ ਸਿੰਘ,ਕਮਲਜੀਤ ਕੌਰ,ਜਸਵਿੰਦਰ ਟਾਹਲੀ,ਦਵਿੰਦਰ ਸਿੰਘ,ਸੁਖਵਿੰਦਰ ਸਿੰਘ,ਕੁਲਦੀਪ ਵਾਲੀਆ, ਅਜੀਤ ਸਿੰਘ,ਸਤਨਾਮ ਸਿੰਘ,ਭਵੀਸ਼ਨ ਲਾਲ, ਜੋਗਿੰਦਰ ਸਿੰਘ ਆਦਿ ਆਗੂ ਵੀ ਹਾਜਰ ਸਨ।

# ਸੀ.ਐਚ.ਸੀ.ਬੜਾ ਪਿੰਡ ਵੱਲੋ 100 ਦਿਨਾਂ ਟੀ.ਬੀ.ਮੁਹਿੰਮ ਤਹਿਤ ਘਰ-ਘਰ ਸਰਵੇਖਣ।



ਫ਼ਗਵਾੜਾ-(ਸੁਸ਼ੀਲ ਸ਼ਰਮਾ )ਸਿਵਲ ਸਰਜਨ ਡਾ.ਗੁਰਮੀਤ ਲਾਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਕਮਿਊਨਿਟੀ ਹੈਲਥ ਸੈਂਟਰ ਵਲੋਂ 100 ਦਿਨਾਂ ਟੀਬੀ ਮੁਹਿੰਮ ਤਹਿਤ ਘਰ-ਘਰ ਸਰਵੇਖਣ ਕੀਤਾ ਜਾ ਰਿਹਾ ਹੈ ਜਿਸ ਦਾ ਮੁੱਖ ਉਦੇਸ਼ ਟੀਬੀ ਦੇ ਮਰੀਜ਼ਾਂ ਦੀ ਪਛਾਣ ਕਰਨਾ ਅਤੇ ਸਮਾਜ ਵਿੱਚ ਟੀਬੀ ਦੇ ਖ਼ਤਰੇ ਨੂੰ ਘਟਾਉਣਾ ਹੈ। ਇਹ ਮੁਹਿੰਮ ਤਹਿਤ ਸਿਹਤ ਵਿਭਾਗ ਦੀਆ ਟੀਮਾਂ ਵੱਲੋਂ ਪਿੰਡ ਦੇ ਹਰ ਘਰ ਦਾ ਦੌਰਾ ਕਰਕੇ ਸੰਭਾਵਿਤ ਲੱਛਣ ਵਾਲੇ ਵਿਅਕਤੀਆਂ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਜਿਨ੍ਹਾਂ ਨੂੰ ਟੀ.ਬੀ.ਹੋਣ ਦਾ ਖਤਰਾ ਹੋਵੇ ਉਨਾ ਨੂੰ ਜਾਂਚ ਲਈ ਹਸਪਤਾਲ ਭੇਜਿਆ ਜਾ ਰਿਹਾ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੀਨੀਅਰ ਮੈਡੀਕਲ ਅਫ਼ਸਰ ਡਾ.ਅਮਿਤਾ ਲੂਨਾ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਜਾਗਰੂਕਤਾ ਫੈਲਾਉਣ ਲਈ ਕਈ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ। ਜਿਥੇ ਲੋਕਾਂ ਨੂੰ ਟੀ.ਬੀ.ਬਾਰੇ ਜਾਣਕਾਰੀ ਦੇਣ ਦੇ ਨਾਲ-ਨਾਲ ਇਸ ਦੀ ਪਛਾਣ ਅਤੇ ਇਲਾਜ ਦੇ ਮਹੱਤਵ ਬਾਰੇ ਸਮਝਾਇਆ ਜਾ ਰਿਹਾ। ਉਨ੍ਹਾਂ ਕਿਹਾ ਕਿ ਟੀ.ਬੀ.ਇੱਕ ਠੀਕ ਹੋਣ ਵਾਲੀ ਬਿਮਾਰੀ ਹੈ ਪਰ ਇਸਦਾ ਸਮੇਂ ਸਿਰ ਇਲਾਜ ਬਹੁਤ ਜ਼ਰੂਰੀ ਹੈ। ਜਿਸ ਲਈ ਜੇਕਰ ਕਿਸੇ ਨੂੰ ਲੰਬੇ ਸਮੇਂ ਤੱਕ ਖੰਗ,ਭੁੱਖ ਘਟਣਾ ਜਾਂ ਵਜ਼ਨ ਘਟਣ ਜਿਹੇ ਲੱਛਣ ਮਹਿਸੂਸ ਹੋਣ ਤਾਂ ਉਹ ਤੁਰੰਤ ਨਜ਼ਦੀਕੀ ਸਿਹਤ ਕੇਂਦਰ ਨਾਲ ਸੰਪਰਕ ਕਰਨ।

ਇਹ ਮੁਹਿੰਮ ਪਿੰਡ ਦੇ ਹਰ ਕੋਨੇ ਤੱਕ ਪਹੁੰਚਣ ਅਤੇ ਟੀ.ਬੀ. ਦੇ ਖਾਤਮੇ ਲਈ ਲਗਾਤਾਰ 100 ਦਿਨ ਤੱਕ ਚੱਲੇਗੀ। ਜਿਸ ਵਿੱਚ ਸਥਾਨਕ ਲੋਕਾਂ ਦਾ ਸਹਿਯੋਗ ਬਹੁਤ ਹੀ ਮਹੱਤਵਪੂਰਨ ਹੈ। ਉਨ੍ਹਾਂ ਭਰੋਸਾ ਦਿਵਾਇਆ ਹੈ ਕਿ ਮਰੀਜ਼ਾਂ ਦੀਆਂ ਜ਼ਰੂਰੀ ਜਾਣਕਾਰੀਆਂ ਨੂੰ ਪੂਰੀ ਗੋਪਨੀਅਤਾ ਨਾਲ ਸੰਭਾਲਿਆ ਜਾਵੇਗਾ ਅਤੇ ਉਨ੍ਹਾਂ ਨੂੰ ਬਿਹਤਰ ਸਿਹਤ ਸੇਵਾਵਾਂ ਉਪਲਬਧ ਕਰਵਾਈਆਂ ਜਾਣਗੀਆਂ। ਸਿਹਤ ਕੇਂਦਰ ਬੜਾ ਪਿੰਡ ਵੱਲੋਂ ਸਾਰੇ ਪਿੰਡ ਵਾਸੀਆਂ ਨੂੰ ਬੇਨਤੀ ਕੀਤੀ ਗਈ ਹੈ ਕਿ ਉਹ ਟੀਬੀ ਦੇ ਖਾਤਮੇ ਲਈ ਇਸ ਮੁਹਿੰਮ ਦਾ ਹਿੱਸਾ ਬਣਨ ਅਤੇ ਆਪਣੇ ਸਮਾਜ ਨੂੰ ਸਿਹਤਮੰਦ ਬਣਾਉਣ ਵਿੱਚ ਸਹਿਯੋਗ ਦੇਣ।

# ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਵਿੱਚ ਡੀ.ਐੱਮ.ਐੱਫ. ਵੱਲੋਂ ਕਰਵਾਏ ਜਾ ਰਹੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ

ਗੁਰਦਾਸਪੁਰ-ਨਵਨੀਤ ਕੁਮਾਰ -

ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਵੱਲੋਂ ਅੱਜ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫ਼ਰੰਸ ਹਾਲ ਵਿਖੇ ਜ਼ਿਲ੍ਹਾ ਮਿਨਰਲ ਫਾਊਂਡੇਸ਼ਨ (ਡੀ.ਐੱਮ.ਐੱਫ.) ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਜ਼ਿਲ੍ਹੇ ਵਿੱਚ ਡੀ.ਐੱਮ.ਐੱਫ. ਵੱਲੋਂ ਕਰਵਾਏ ਜਾ ਰਹੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਗਿਆ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਹਰਜਿੰਦਰ ਸਿੰਘ ਬੇਦੀ ਆਈ.ਏ.ਐੱਸ., ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਗੁਰਪ੍ਰੀਤ ਸਿੰਘ ਗਿੱਲ, ਐੱਸ.ਡੀ.ਐੱਮ. ਦੀਨਾਨਗਰ ਸ੍ਰੀ ਜਸਪਿੰਦਰ ਸਿੰਘ ਆਈ.ਏ.ਐੱਸ., ਐੱਸ.ਡੀ.ਐੱਮ. ਗੁਰਦਾਸਪੁਰ ਡਾ. ਕਰਮਜੀਤ ਸਿੰਘ, ਐੱਸ.ਡੀ.ਐੱਮ. ਡੇਰਾ ਬਾਬਾ ਨਾਨਕ ਸ੍ਰੀ ਰਾਜਪਾਲ ਸਿੰਘ ਸੇਖੋਂ, ਐੱਸ.ਡੀ.ਐੱਮ. ਕਲਾਨੌਰ ਸ੍ਰੀਮਤੀ ਜਯੋਤਸਨਾ ਸਿੰਘ, ਐਕਸੀਅਨ ਮਾਈਨਿੰਗ ਸ੍ਰੀ ਦਿਲਪ੍ਰੀਤ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮਾਈਨਿੰਗ ਵਿਭਾਗ ਵੱਲੋਂ ਜਿਨ੍ਹਾਂ ਵਿਭਾਗਾਂ ਨੂੰ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਲਈ ਫ਼ੰਡ ਜਾਰੀ ਕੀਤੇ ਗਏ ਸਨ, ਉਨ੍ਹਾਂ ਵਿਚੋਂ ਜੋ ਪ੍ਰੋਜੈਕਟ ਮੁਕੰਮਲ ਹੋ ਗਏ ਹਨ ਉਨ੍ਹਾਂ ਦੇ ਵਰਤੋਂ ਸਰਟੀਫਿਕੇਟ ਇੱਕ ਹਫ਼ਤੇ ਦੇ ਅੰਦਰ ਜਮ੍ਹਾਂ ਕਰਵਾਏ ਜਾਣ। ਇਸ ਦੌਰਾਨ ਉਨ੍ਹਾਂ ਨੇ ਜ਼ਿਲ੍ਹੇ ਵਿੱਚ ਡੀ.ਐੱਮ.ਐੱਫ. ਸਕੀਮ ਤਹਿਤ ਜ਼ਿਲ੍ਹਾ ਖੇਡ ਕੰਪਲੈਕਸ ਗੁਰਦਾਸਪੁਰ ਵਿਖੇ ਬਾਸਕਟਬਾਲ ਗਰਾਊਂਡ ਤਿਆਰ ਕਰਨ, ਜ਼ਿਲ੍ਹਾ ਲਾਇਬ੍ਰੇਰੀ ਦਾ ਰੈਨੋਵੇਸ਼ਨ ਪ੍ਰੋਜੈਕਟ, ਖੇਡ ਸਟੇਡੀਅਮ ਹਰਪੁਰਾ-ਧੰਦੋਈ ਦੀ ਤਿਆਰੀ ਸਬੰਧੀ, ਬਿਆਨਪੁਰ ਵਿਖੇ ਅੰਤਰਰਾਜੀ ਨਾਕੇ ਦੇ ਬੁਨਿਆਦੀ ਢਾਂਚੇ ਸਬੰਧੀ ਤੋਂ ਇਲਾਵਾ ਹੋਰ ਪ੍ਰੋਜੈਕਟਾਂ ਬਾਰੇ ਵੀ ਵਿਚਾਰ ਚਰਚਾ ਕੀਤੀ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਪੰਚਾਇਤ ਵਿਭਾਗ ਨੂੰ ਪਿੰਡ ਸ਼ਹੂਰ ਕਲਾਂ ਵਿਖੇ ਵਾਲੀਬਾਲ ਦਾ ਖੇਡ ਮੈਦਾਨ ਤਿਆਰ ਕਰਨ ਦੀਆਂ ਹਦਾਇਤਾਂ ਵੀ ਦਿੱਤੀਆਂ। ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਡੀ.ਐੱਮ.ਐੱਫ ਤਹਿਤ ਚੱਲ ਰਹੇ ਪ੍ਰੋਜੈਕਟਾਂ ਨੂੰ ਜਲਦ ਮੁਕੰਮਲ ਕੀਤਾ ਜਾਵੇ ਤਾਂ ਜੋ ਇਨ੍ਹਾਂ ਪ੍ਰੋਜੈਕਟਾਂ ਦਾ ਲਾਭ ਲੋਕਾਂ ਨੂੰ ਪਹੁੰਚ ਸਕੇ। ਉਨ੍ਹਾਂ ਕਿਹਾ ਕਿ ਸਾਲ 2025 ਦੌਰਾਨ ਡੀ.ਐੱਮ.ਐੱਫ ਤਹਿਤ ਜ਼ਿਲ੍ਹੇ ਵਿੱਚ ਨਵੇਂ ਪ੍ਰੋਜੈਕਟ ਸ਼ੁਰੂ ਕੀਤੇ ਜਾਣਗੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਲੋਕਾਂ ਦੀ ਮੰਗ ਅਤੇ ਲੋਕ ਹਿਤ ਨੂੰ ਮੁੱਖ ਰੱਖਦੇ ਹੋਏ ਜੋ ਪ੍ਰੋਜੈਕਟ ਲੋੜੀਂਦੇ ਹਨ ਉਨ੍ਹਾਂ ਦੀ ਪ੍ਰੋਜੈਕਟ ਰੀਪੋਰਟ ਬਣਾ ਕੇ ਦਿੱਤੀ ਜਾਵੇ ਤਾਂ ਜੋ ਲੋਕ ਹਿਤ ਦੇ ਉਨ੍ਹਾਂ ਪ੍ਰੋਜੈਕਟਾਂ ਨੂੰ ਵੀ ਹਕੀਕੀ ਰੂਪ ਦਿੱਤਾ ਜਾ ਸਕੇ।

# ਸਾਬਕਾ ਫੌਜੀਆਂ ਅਤੇ ਸਿਵੀਲਿਅਨਾਂ ਲਈ ਵਿਸ਼ੇਸ਼ ਮੈਡੀਕਲ ਕੈਂਪ

ਫ਼ਗਵਾੜਾ-ਕਪੂਰਥਲਾ (ਸੁਸ਼ੀਲ ਸ਼ਰਮਾ) ਜਿਲਾ ਪ੍ਰਸ਼ਾਸਨ ਵੱਲੋਂ ਸਿਹਤ ਵਿਭਾਗ ਅਤੇ 58 ਆਰਮਜਡ ਬੀ.ਡੀ.ਈ.ਦੇ ਸਹਿਯੋਗ ਨਾਲ ਸਾਂਝੇ ਤੌਰ ਤੇ ਸਿਵਲ ਮਿਲਟਰੀ ਮੈਡੀਕਲ ਕੈਂਪ ਦਾ ਆਯੋਜਨ ਸਬ ਡਵੀਜ਼ਨਲ ਹਸਪਤਾਲ ਸੁਲਤਾਨਪੁਰ ਲੋਧੀ ਵਿਖੇ ਕੀਤਾ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਕਪੂਰਥਲਾ ਅਮਿਤ ਪਾਂਚਾਲ,ਬ੍ਰਿਗੇਡੀਅਰ ਰਾਹੁਲ ਯਾਦਵ , ਸਿਵਲ ਸਰਜਨ ਕਪੂਰਥਲਾ ਡਾ.ਰਿਚਾ ਭਾਟੀਆ ਵੱਲੋਂ ਕੈਂਪ ਦਾ ਉਦਘਾਟਨ ਕੀਤਾ ਗਿਆ।
ਇਸ ਦੌਰਾਨ ਵੱਖ-ਵੱਖ ਬਿਮਾਰੀਆਂ ਦੇ ਮਾਹਰ ਡਾਕਟਰਾਂ ਜਿਵੇਂ ਕਿ ਹੱਡੀਆਂ ਦੇ ਮਾਹਰ,ਬੱਚਿਆਂ ਦੇ ਮਾਹਰ,ਅੱਖਾਂ ਦੇ ਮਾਹਰ,ਮੈਡੀਕਲ ਸਪੈਸ਼ਲਿਸਟ,ਦੰਦਾਂ ਦੇ ਮਾਹਰ ਡਾਕਟਰਾਂ ਵੱਲੋਂ ਆਪਣੀਆਂ ਸੇਵਾਵਾਂ ਦਿੱਤੀਆਂ ਗਈਆਂ।
ਇਸ ਦੌਰਾਨ ਮਰੀਜ਼ਾਂ ਦੇ ਟੈਸਟ ਵੀ ਮੁਫ਼ਤ ਕੀਤੇ ਗਏ ਤੇ ਦਵਾਈਆਂ ਵੀ ਮੁਫ਼ਤ ਤਕਸੀਮ ਕੀਤੀਆਂ ਗਈਆਂ। ਇਸ ਮੌਕੇ ਮਿਲਟਰੀ ਹਸਪਤਾਲ ਕਪੂਰਥਲਾ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ.ਦਲੀਪ ਵਲੋਂ ਆਪਣੀ ਟੀਮ ਡਾਕਟਰਾਂ ਦੀ ਟੀਮ ਦੇ ਸਹਿਯੋਗ ਨਾਲ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ।
ਡਿਪਟੀ ਕਮਿਸ਼ਨਰ ਅਮਿਤ ਪਾਂਚਾਲ ਵੱਲੋਂ ਕੈਂਪ ਦਾ ਦੌਰਾ ਵੀ ਕੀਤਾ ਗਿਆ ਤੇ ਮਰੀਜ਼ਾਂ ਨਾਲ ਗੱਲਬਾਤ ਵੀ ਕੀਤੀ ਗਈ। ਇਸ ਮੌਕੇ ਉਨ੍ਹਾਂ ਨਾਲ ਐਸ.ਡੀ.ਐਮ.ਮੈਡਮ ਅਪਰਾਨਾ,ਡੀ.ਐਫ. ਪੀ.ਓ.ਡਾ. ਅਸ਼ੋਕ ਕੁਮਾਰ,ਸੀਨੀਅਰ ਮੈਡੀਕਲ ਅਫ਼ਸਰ ਡਾ. ਡੀ.ਪੀ.ਸਿੰਘ,ਐਸ.ਐਮ.ਓ.ਸਰਵਿੰਦਰ ਸਿੰਘ ਸੇਠੀ,ਐਸ.ਐਮ.ਓ. ਡਾ.ਰੁਪਿੰਦਰ ਕੌਰ,ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ,ਸੁਖਦਿਆਲ ਸਿੰਘ,ਫਾਰਮੇਸੀ ਅਫ਼ਸਰ ਅਮਰਿੰਦਰ ਸਿੰਘ, ਸਿਮਰਨ ਸਿੰਘ,ਬੀ.ਸੀ.ਸੀ.ਜੋਤੀ ਅਨੰਦ,ਬੀ.ਈ.ਈ.ਰਵਿੰਦਰ ਜੱਸਲਐਸ.ਏ.ਸੰਨੀ ਸਹੋਤਾ ਆਦਿ ਵੀ ਨਾਲ ਸਨ।

*ਬੇਟੀ ਬਚਾਓ ਸੰਬਧੀ ਪ੍ਰਦਰਸ਼ਨੀ ਦਾ ਆਯੋਜਨ*

ਇਸ ਮੌਕੇ ਸਿਹਤ ਵਿਭਾਗ ਵੱਲੋਂ ਬੇਟੀ ਬਚਾਓ ਮੁਹਿੰਮ ਸੰਬਧੀ ਇਕ ਵਿਸ਼ੇਸ਼ ਜਾਗਰੂਕਤਾ ਪ੍ਰਦਰਸ਼ਨੀ ਵੀ ਲਗਾਈ ਗਈ। ਡਿਪਟੀ ਕਮਿਸ਼ਨਰ ਅਮਿਤ ਪਾਂਚਾਲ,ਬ੍ਰਿਗੇਡੀਅਰ ਰਾਹੁਲ ਯਾਦਵ ਅਤੇ ਸਿਵਲ ਸਰਜਨ ਡਾ.ਰਿਚਾ ਭਾਟੀਆ ਵੱਲੋਂ ਪ੍ਰਦਰਸ਼ਨੀ ਦਾ ਨਰਿੱਖਣ ਕਰਨ ਉਪਰੰਤ ਪ੍ਰਦਰਸ਼ਨੀ ਦੀ ਸ਼ਲਾਘਾ ਕੀਤੀ ਗਈ ਤੇ ਕਿਹਾ ਕਿ ਬੇਟੀਆਂ ਇਸ ਸਮਾਜ ਦਾ ਅਧਾਰ ਹਨ ਤੇ ਕਿੱਸੇ ਤੋਂ ਘਟ ਨਹੀਂ।
ਇਸ ਤੋਂ ਇਲਾਵਾ ਹੋਰ ਵੱਖ-ਵੱਖ ਸਿਹਤ ਪ੍ਰੋਗਰਾਮਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਲਈ ਵੀ ਪ੍ਰਦਰਸ਼ਨੀ ਲਗਾਈ ਗਈ।

*ਸਾਬਕਾ ਸੈਨਿਕਾਂ ਦੀਆਂ ਮੁਸ਼ਕਲਾਂ ਨੂੰ ਸੁਣਿਆ ਗਿਆ*

ਇਸ ਮੌਕੇ ਡਿਪਟੀ ਕਮਿਸ਼ਨਰ ਅਮਿਤ ਪਾਂਚਾਲ,ਬ੍ਰਿਗੇਡੀਅਰ ਰਾਹੁਲ ਯਾਦਵ ਅਤੇ ਮੇਜਰ ਜੀ.ਐਸ.ਗਿੱਲ ਵੱਲੋਂ ਸਾਬਕਾ ਫੌਜੀਆਂ ਤੇ ਉਹਨਾਂ ਦੇ ਪਰਿਵਾਰਾਂ ਨਾਲ ਭੇਂਟ ਵੀ ਕੀਤੀ ਗਈ ਤੇ ਉਹਨਾਂ ਦੀਆਂ ਮੁਸ਼ਕਲਾਂ ਨੂੰ ਵੀ ਸੁਣਿਆ ਗਿਆ।
ਡਿਪਟੀ ਕਮਿਸ਼ਨਰ ਨੇ ਇਸ ਮੌਕੇ ਕਿਹਾ ਕਿ ਦੇਸ਼ ਲਈ ਸੈਨਿਕਾਂ ਵਲੋਂ ਦਿੱਤੀਆਂ ਗਈਆਂ ਸੇਵਾਵਾਂ ਅਤੇ ਕੁਰਬਾਨੀਆਂ ਦੀਆਂ ਸੇਵਾਵਾਂ ਨੂੰ ਭੁਲਾਇਆ ਨਹੀਂ ਜਾ ਸਕਦਾ। ਉਹਨਾਂ ਇਹ ਵੀ ਕਿਹਾ ਕਿ ਸਾਬਕਾ ਫੌਜੀਆਂ ਤੇ ਉਹਨਾਂ ਦੇ ਪਰਿਵਾਰਾਂ ਨੂੰ ਹਰ ਤਰ੍ਹਾਂ ਦੀ ਸਹੂਲਤ ਮਿਲਣੀ ਚਾਹੀਦੀ ਹੈ। ਇਹੀ ਨਹੀਂ ਉਹਨਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ। ਉਹਨ੍ਹਾਂ ਕਿਹਾ ਕਿ ਸਮੇਂ-ਸਮੇਂ ਤੇ ਅਜਿਹੇ ਕੈਂਪਾਂ ਦਾ ਆਯੋਜਨ ਕੀਤਾ ਜਾਂਦਾ ਰਹੇਗਾ।
ਸਿਵਲ ਸਰਜਨ ਕਪੂਰਥਲਾ ਰਿਚਾ ਭਾਟੀਆ ਨੇ






ਦਸਿਆ ਕਿ ਸਿਹਤ ਵਿਭਾਗ ਦੀ ਦੀ ਹਮੇਸ਼ਾ ਕੋਸ਼ਿਸ਼ ਰਹਿੰਦੀ ਹੈ ਕਿ ਮਰੀਜ਼ਾਂ ਨੂੰ ਕਿੱਸੇ ਤਰਾਂ ਦੀ ਕੋਈ ਦਿੱਕਤ ਨਾ ਆਉਣ ਦਿੱਤੀ ਜਾਏ। ਸਰਕਾਰ ਵੱਲੋਂ ਲੋਕਾਂ ਦੀ ਸਿਹਤ ਨੂੰ ਮੁੱਖ ਰੱਖਦਿਆਂ ਹਰ ਤਰਾਂ ਦੀ ਮੈਡੀਕਲ ਸਹੂਲਤ, ਦਵਾਈ ਤੇ ਟੈਸਟ ਮੁਹਈਆ ਕਰਵਾਏ ਗਏ ਹਨ ਤੇ ਆਮ ਜਨਤਾ ਇਹਨਾਂ ਦਾ ਲਾਭ ਲਈ ਰਹੀ ਹੈ। ਉਹਨਾਂ ਇਹ ਵੀ ਕਿਹਾ ਕਿ ਸਾਡੀ ਕੋਸ਼ਿਸ਼ ਰਹਿੰਦੀ ਹੈ ਕਿ ਜੇਕਰ ਕੋਈ ਕਮੀਂ ਹੈ ਤਾਂ ਉਸ ਨੂੰ ਜਲਦੀ ਤੋਂ ਜਲਦੀ ਦੂਰ ਕੀਤਾ ਜਾਏ। ਉਹਨਾਂ ਦਸਿਆ ਕਿ ਜਨਤਾ ਦੀ ਸਹੂਲਤ ਲਈ ਅਜਿਹੇ ਹੋਰ ਕੈਂਪ ਲਗਾਏ ਜਾਣਗੇ।

*ਸੈਲਫੀ ਪੁਆਇੰਟ ਰਿਹਾ ਖਿੱਚ ਦਾ ਕੇਂਦਰ*

ਇਸ ਮੌਕੇ ਬੇਟੀ ਬਚਾਓ ਪ੍ਰਦਰਸ਼ੀ ਸਟਾਲ ਤੇ ਲੱਗਾ ਸੈਲਫੀ ਪੁਆਇੰਟ ਵੀ ਖਿੱਚ ਦਾ ਕੇਂਦਰ ਰਿਹਾ। ਜ਼ਿਕਰਯੋਗ ਹੈ ਕਿ ਇਸ ਮੌਕੇ 561ਮਰੀਜ਼ਾਂ ਨੇ ਕੈਂਪ ਦਾ ਲਾਭ ਲਿਆ ।

# ਸੀ.ਐਚ.ਸੀ.ਪਾਂਛਟਾ ਬਲਾਕ ਵਿਖੇ ਟੀ.ਬੀ.ਨੂੰ ਖਤਮ ਕਰਨ ਲਈ ਸੰਪੂਰਨ ਸੰਕਲਪ



ਫਗਵਾੜਾ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਕਪੂਰਥਲਾ ਡਾ.ਰੀਚਾ ਭਾਟੀਆ ਦੇ ਦਿਸ਼ਾ ਨਿਰਦੇਸ਼ ਹੇਠ ਅਤੇ ਐਸ਼.ਐਮ.ਓ.ਡਾ.ਰੁਪਿੰਦਰ ਜੀਤ ਕੌਰ ਦੀ ਯੋਗ ਅਗਵਾਈ ਵਿਚ ਸੀ.ਐਚ.ਸੀ.ਪਾਸ਼ਟ ਵਿਖੇ ਸਾਲ 2025 ਤੱਕ ਭਾਰਤ ਨੂੰ ਟੀ.ਬੀ. ਮੁਕਤ ਬਣਾਉਣ ਦੇ ਟੀਚੇ ਨੂੰ ਹਾਸਲ ਕਰਨ ਲਈ ਸਿਹਤ ਵਿਭਾਗ ਵੱਲੋਂ ਜੰਗੀ ਪੱਧਰ ਤੇ ਯਤਨ ਕੀਤੇ ਜਾ ਰਹੇ ਹਨ।
ਡਾ.ਰੁਪਿੰਦਰ ਜੀਤ ਕੌਰ ਦੀ ਅਗਵਾਈ ਵਿੱਚ ਸਾਲ 2025 ਤੱਕ ਭਾਰਤ ਨੂੰ ਟੀ.ਬੀ. ਮੁਕਤ ਬਣਾਉਣ ਦੇ ਟੀਚੇ ਨੂੰ ਹਾਸਲ ਕਰਨ ਲਈ ਸਿਹਤ ਵਿਭਾਗ ਵੱਲੋਂ ਜੰਗੀ ਪੱਧਰ ਤੇ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਬੀ.ਈ.ਈ.ਸਤਨਾਮ ਸਿੰਘ ਨੇ ਕਿਹਾ ਕਿ ਇਸ ਬਿਮਾਰੀ ਨੂੰ ਰੋਕਣ ਲਈ ਪੰਜਾਬ ਸਰਕਾਰ ਟੀ.ਬੀ.ਦੇ ਮਰੀਜ਼ਾਂ ਨੂੰ ਨਵੀਂ ਤਕਨੀਕ ਰਾਹੀਂ ਵੱਧ ਤੋਂ ਵੱਧ ਸਹੂਲਤਾਂ ਦੇਣ ਲਈ ਸਮੇਂ-ਸਮੇਂ ਤੇ ਯਤਨਸ਼ੀਲ ਰਹਿੰਦੀ ਹੈ। ਟੀ.ਬੀ.ਦੀ ਦਵਾਈ ਲੈਣ ਸਮੇਂ ਚੰਗੀ ਖੁਰਾਕ ਯਕੀਨੀ ਬਣਾਉਣ ਲਈ ਹਰ ਟੀ.ਬੀ.ਦੇ ਮਰੀਜ਼ ਨੂੰ 500 ਰੁਪਏ ਪ੍ਰਤੀ ਮਹੀਨਾ ਉਸਦੇ ਖਾਤੇ ਵਿੱਚ ਭੇਜੇ ਜਾਂਦੇ ਹਨ। ਪ੍ਰਾਈਵੇਟ ਡਾਕਟਰਾਂ ਵੱਲੋਂ ਸੂਚਿਤ ਕੀਤੇ ਟੀ.ਬੀ.ਦੇ ਮਰੀਜ਼ਾਂ ਨੂੰ ਵੀ ਇਹ ਸਾਰੇ ਲਾਭ ਦਿੱਤੇ ਜਾਂਦੇ ਹਨ। ਇੱਕ ਨਿੱਜੀ ਖੇਤਰ ਦੇ ਡਾਕਟਰ ਨੂੰ ਟੀ.ਬੀ.ਦੇ ਮਰੀਜ਼ ਨੂੰ ਸੂਚਿਤ ਕਰਨ ਲਈ 500 ਰੁਪਏ ਦਿੱਤੇ ਜਾਂਦੇ ਹਨ।

# ਮਨਸਾ ਦੇਵੀ ਮੰਦਰ ਸਤਨਾਮਪੁਰਾ ਵਿਖੇ ਪੌਸ਼ ਮਹੀਨੇ ਦੀ ਦੁਰਗਾਸ਼ਟਮੀ ਨੂੰ ਸਮਰਪਿਤ ਮਹਿਲਾ ਸੰਕੀਰਤਨ ਕਰਵਾਇਆ ਗਿਆ।

ਫਗਵਾੜਾ (ਸੁਸ਼ੀਲ ਸ਼ਰਮਾ) ਪੌਸ਼ ਮਹੀਨੇ ਦੀ ਦੁਰਗਾ ਅਸ਼ਟਮੀ ਦੇ ਮੌਕੇ ਤੇ ਸ਼੍ਰੀ ਜਵਾਲਾ ਜੀ ਮੰਦਿਰ (ਮਨਸਾ ਦੇਵੀ),ਸਤਨਾਮਪੁਰਾ ਫਗਵਾੜਾ ਵਿਖੇ ਮਹਿਲਾ ਸੰਕੀਰਤਨ ਮੰਡਲੀ ਵੱਲੋਂ ਮੰਗਲਵਾਰ ਦਾ ਹਫਤਾਵਾਰੀ ਕੀਰਤਨ ਬੜੀ ਸ਼ਰਧਾ ਭਾਵਨਾ ਨਾਲ ਕੀਤਾ ਗਿਆ। ਮਹਾਂਮਾਈ ਦੀਆਂ ਸੁੰਦਰ ਦਾਤਾਂ 'ਤੇ ਸ਼ਰਧਾਲੂ ਬੜੇ ਭਾਵੁਕ ਹੋ ਕੇ ਨੱਚਦੇ ਰਹੇ। ਮਹਿਲਾ ਸੰਕੀਰਤਨ ਤੋਂ ਬਾਅਦ ਸਮੂਹਿਕ ਪੂਜਾ ਅਤੇ ਮਹਾ ਆਰਤੀ ਦਾ ਆਯੋਜਨ ਕੀਤਾ ਗਿਆ। ਦੁਰਗਾ ਅਸ਼ਟਮੀ ਮੌਕੇ ਸ਼ਰਧਾਲੂਆਂ ਵੱਲੋਂ ਮਹਾਗੌਰੀ ਦੀ ਵਿਸ਼ੇਸ਼ ਪੂਜਾ ਵੀ ਕੀਤੀ ਗਈ। ਮੰਦਿਰ ਦੇ ਪੁਜਾਰੀ ਨੇ ਸੰਗਤਾਂ ਨੂੰ ਦੱਸਿਆ ਕਿ ਮਾਨਤਾ ਅਨੁਸਾਰ ਦੇਵੀ ਮਹਾਗੌਰੀ ਦੀ ਪੂਜਾ ਕਰਨ ਨਾਲ ਧਨ-ਦੌਲਤ ਦੀ ਪ੍ਰਾਪਤੀ ਅਤੇ ਖੁਸ਼ਹਾਲੀ ਮਿਲਦੀ ਹੈ। ਮਹਾਗੌਰੀ ਦਾ ਰੰਗ ਗੋਰਾ ਹੈ ਅਤੇ ਉਸ ਦੇ ਗਹਿਣੇ ਅਤੇ ਕੱਪੜੇ ਚਿੱਟੇ ਰੰਗ ਦੇ ਹਨ। ਉਸ ਦੀ ਉਮਰ ਅੱਠ ਸਾਲ ਮੰਨੀ ਜਾਂਦੀ ਹੈ। ਉਸ ਦੀਆਂ ਚਾਰ ਬਾਹਾਂ ਹਨ ਅਤੇ ਕਿਉਂਕਿ ਉਹ ਬਲਦ ਤੇ ਸਵਾਰ ਹੁੰਦਾ ਹੈ, ਇਸ ਲਈ ਉਸ ਨੂੰ ਵ੍ਰਿਸ਼ਰੂਧ ਵੀ ਕਿਹਾ ਜਾਂਦਾ ਹੈ। ਸਫ਼ੈਦ ਕੱਪੜੇ ਪਹਿਨਣ ਕਾਰਨ ਉਸ ਨੂੰ ਸਵੇਤੰਬਰਾ ਵੀ ਕਿਹਾ ਜਾਂਦਾ ਹੈ। ਮਾਂ ਮਹਾਗੌਰੀ ਦੇਵੀ ਭਗਵਾਨ ਸ਼ਿਵ ਦੀ ਪਤਨੀ ਮਾਤਾ ਪਾਰਵਤੀ ਦਾ ਰੂਪ ਹੈ। ਮਾਂ ਪਾਰਵਤੀ ਨੇ ਕਠਿਨ ਤਪੱਸਿਆ ਕਰਕੇ ਭਗਵਾਨ ਸ਼ਿਵ ਨੂੰ ਆਪਣੇ ਪਤੀ ਦੇ ਰੂਪ ਵਿੱਚ ਪ੍ਰਾਪਤ



ਕੀਤਾ। ਕਹਾਣੀ ਇਹ ਹੈ ਕਿ ਇੱਕ ਵਾਰ ਦੇਵੀ ਪਾਰਵਤੀ ਭਗਵਾਨ ਸ਼ਿਵ ਨਾਲ ਨਾਰਾਜ਼ ਹੋ ਗਈ। ਇਸ ਤੋਂ ਬਾਅਦ ਉਹ ਤਪੱਸਿਆ ਤੇ ਬੈਠ ਗਈ। ਜਦੋਂ ਭਗਵਾਨ ਸ਼ਿਵ ਉਸ ਨੂੰ ਲੱਭਦੇ ਹੋਏ ਪਹੁੰਚੇ ਤਾਂ ਉਹ ਹੈਰਾਨ ਰਹਿ ਗਏ। ਪਾਰਵਤੀ ਦੇ ਰੰਗ,ਕੱਪੜਿਆਂ ਅਤੇ ਗਹਿਣਿਆਂ ਨੂੰ ਦੇਖ ਕੇ ਉਮਾ ਨੂੰ ਗੋਰੀ ਰੰਗ ਦੀ ਬਖਸ਼ਿਸ਼ ਹੋਈ। ਮਹਾਗੌਰੀ ਦਿਆਲੂ, ਪਿਆਰ ਕਰਨ ਵਾਲੀ,ਸ਼ਾਂਤ ਅਤੇ ਨਰਮ ਸੁਭਾਅ ਵਾਲੀ ਹੈ। ਮਾਂ ਗੌਰੀ ਦੀ ਪੂਜਾ,ਸਰਵ ਮੰਗਲ ਮੰਗਲਯ, ਸ਼ਿਵੇ ਸਰਵਰਥ ਸਾਧਿਕੇ,ਸ਼ਰਣੀਏ ਤ੍ਰਯੰਬਕੇ ਗੌਰੀ ਨਾਰਾਇਣੀ ਨਮੋਸ੍ਤੁਤੇ... ਇਸ ਮੰਤਰ ਨਾਲ ਕੀਤਾ ਜਾਂਦਾ ਹੈ। ਇਸ ਵਿਸ਼ੇਸ਼ ਮੌਕੇ ਤੇ ਸ਼੍ਰੀ ਸਵਾਮੀ ਸ਼ੰਕਰ ਨਾਥ ਪਰਵਤ ਚੈਰੀਟੇਬਲ ਐਂਡ ਵੈਲਫੇਅਰ ਟਰੱਸਟ ਵੱਲੋਂ ਮੰਦਰ ਪਰਿਸਰ ਵਿੱਚ ਸ਼ਰਧਾਲੂਆਂ ਨੂੰ ਮਾਂ ਭਗਵਤੀ ਦੇ ਪ੍ਰਸਾਦ ਵਜੋਂ ਚਾਹ ਅਤੇ ਪਕੌੜੇ ਵੰਡੇ ਗਏ। ਸੇਵਾਦਾਰਾਂ ਚ ਮੁੱਖ ਤੌਰ ਤੇ ਬ੍ਰਿਜ ਭੂਸ਼ਣ ਜਲੋਟਾ,ਰਣਬੀਰ ਦੁੱਗਲ,ਅਸ਼ੋਕ ਚੱਢਾ,ਪਵਨ ਕਸ਼ਯਪ,ਲਲਿਤ ਤਿਵਾੜੀ,ਪ੍ਰਕਾਸ਼ ਯਾਦਵ,ਸੁਬੋਧ ਯਾਦਵ,ਅੰਕਿਤ ਕੁਮਾਰ ਝਾਅ,ਵਤਸਲ ਤਿਵਾੜੀ,ਕਨਵ ਤਿਵਾੜੀ ਅਤੇ ਮਹਿਲਾ ਟਰਾਫੀ ਤੋਂ ਸੁਮਨ ਸੇਠ,ਕੁਲਵੰਤ ਕੌਰ,ਬਲਵਿੰਦਰ ਕੌਰ ਸ਼ਾਮਲ ਸਨ। ਰੁਪਿੰਦਰ ਕੌਰ,ਪਰਵੀਨ ਸ਼ਰਮਾ,ਰਮਾ ਸ਼ਰਮਾ,ਮਾਧੁਰੀ ਸ਼ਰਮਾ,ਰੇਨੂੰ ਅਰੋੜਾ ਆਦਿ ਸ਼ਾਮਿਲ ਸਨ।

# ਭਾਰਤੀ ਹਵਾਈ ਸੈਨਾ (ਅਗਨੀਵੀਰ) ਭਰਤੀ ਲਈ ਆਨਲਾਈਨ ਅਰਜ਼ੀਆਂ ਦੀ ਮੰਗ

ਲੁਧਿਆਣਾ, (ਸੁਖਚੈਨ ਮਹਿਰਾ) - ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ (ਡੀ.ਬੀ.ਈ.ਈ.) ਲੁਧਿਆਣਾ ਦੇ ਡਿਪਟੀ ਡਾਇਰੈਕਟਰ ਸ਼੍ਰੀਮਤੀ ਰੁਪਿੰਦਰ ਕੌਰ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਭਾਰਤੀ ਵਾਯੂ ਸੈਨਾ ਵੱਲੋਂ ਅਗਨੀਵੀਰ ਦੀ ਭਰਤੀ ਲਈ ਉਮੀਦਵਾਰਾਂ ਤੋਂ ਆਨਲਾਈਨ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਚਾਹਵਾਨ ਉਮੀਦਵਾਰ (ਲੜਕੇ ਅਤੇ ਲੜਕੀਆਂ ਦੋਵੇ) 07 ਤੋਂ 27 ਜਨਵਰੀ, 2025 ਤੱਕ ਆਨਲਾਈਨ ਅਪਲਾਈ ਕਰ ਸਕਦੇ ਹਨ। ਡੀ.ਬੀ.ਈ.ਈ. ਦੇ ਡਿਪਟੀ ਡਾਇਰੈਕਟਰ ਸ੍ਰੀਮਤੀ ਰੁਪਿੰਦਰ ਕੌਰ ਨੇ ਅੱਗੇ ਦੱਸਿਆ ਕਿ ਉਮੀਦਵਾਰ ਆਨਲਾਈਨ ਫਾਰਮ ਰਾਹੀਂ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਬਿਨੈਕਾਰ ਦਾ ਜਨਮ ਦਿਨ 1 ਜਨਵਰੀ 2005 ਤੋਂ 1 ਜੁਲਾਈ 2008 ਤੱਕ (ਦੋਵੇਂ ਦਿਨਾਂ ਸਮੇਤ) ਹੋਣਾ ਚਾਹੀਦਾ ਹੈ।ਉਨ੍ਹਾਂ ਅੱਗੇ ਦੱਸਿਆ ਕਿ ਇਸ ਅਸਾਮੀ ਲਈ ਉਮੀਦਵਾਰ 12ਵੀਂ ਗਣਿਤ, ਭੌਤਿਕ ਵਿਗਿਆਨ ਅਤੇ ਅੰਗਰੇਜ਼ੀ ਵਿੱਚ 50 ਫੀਸਦ ਅੰਕਾਂ ਨਾਲ ਪਾਸ ਹੋਵੇ ਜਾਂ 3 ਸਾਲ ਦਾ ਇੰਜੀਨੀਅਰਿੰਗ (ਮਕੈਨੀਕਲ, ਇਲੈਕਟ੍ਰੀਕਲ, ਇਲੈਕਟ੍ਰੋਨਿਕਸ, ਆਟੋਮੋਬਾਈਲ, ਕੰਪਿਊਟਰ ਸਾਇੰਸ ਅਤੇ ਇੰਸਟਰੂਮੈਂਟੇਸ਼ਨ ਟੈਕਨਾਲੋਜੀ ਅਤੇ ਸੂਚਨਾ ਤਕਨਾਲੋਜੀ) ਵਿੱਚ ਡਿਪਲੋਮਾ ਜਾਂ ਦੋ ਸਾਲਾਂ ਦਾ ਵੋਕੇਸ਼ਨਲ ਕੋਰਸ ਅਤੇ ਜਿਨ੍ਹਾਂ ਉਮੀਦਵਾਰਾਂ ਨੇ ਇਨ੍ਹਾਂ ਵਰਣਿਤ ਯੋਗਤਾਵਾਂ ਵਿੱਚ ਪ੍ਰੀਖਿਆ ਵਿੱਚ ਕੁੱਲ 50 ਫੀਸਦ ਅੰਕ ਪ੍ਰਾਪਤ ਕੀਤੇ ਹਨ ਅਤੇ ਅੰਗਰੇਜ਼ੀ ਵਿੱਚ ਵੀ 50 ਫੀਸਦ ਅੰਕ ਪ੍ਰਾਪਤ ਕੀਤੇ ਹਨ, ਉਹ ਉਮੀਦਵਾਰ ਇਸ ਅਹੁਦੇ ਲਈ ਯੋਗ ਹਨ। ਸਾਇੰਸ ਗਰੁੱਪ ਤੋਂ ਬਿਨ੍ਹਾਂ ਵਾਲੇ ਉਮੀਦਵਾਰ ਵੀ ਇਸ ਅਹੁਦੇ ਲਈ ਯੋਗ ਹਨ। ਇਸ ਪ੍ਰੀਖਿਆ ਲਈ ਰਜਿਸਟ੍ਰੇਸ਼ਨ ਫੀਸ 550/- ਰੁਪਏ ਪਲੱਸ ਜੀ.ਐਸ.ਟੀ. ਹੈ। ਅਗਨੀਵੀਰ ਅਸਾਮੀਆਂ ਲਈ ਉਮੀਦਵਾਰਾਂ ਦੇ ਦਾਖਲਾ ਟੈਸਟ 22 ਮਾਰਚ 2025 ਤੋ ਬਾਅਦ ਸ਼ੁਰੂ ਹੋਣਗੇ। ਬਿਨੈਕਾਰ ਵੈਬਸਾਈਟ https://agnipathvayu.cdac.in ਤੇ ਅਪਲਾਈ ਕਰ ਸਕਦੇ ਹਨ.

# ਜ਼ਿਲ੍ਹਾ ਪ੍ਰਸ਼ਾਸਨ ਨੇ ਜ਼ਿਲ੍ਹਾ ਪੱਧਰੀ ਲੋਹੜੀ ਸਮਾਰੋਹ ਦੌਰਾਨ ਜ਼ਿਲ੍ਹੇ ਦੀਆਂ 100 ਨਵ-ਜੰਮੀਆਂ ਧੀਆਂ ਨੂੰ ਲੋਹੜੀ ਪਾਈ

ਗੁਰਦਾਸਪੁਰ-ਨਵਨੀਤ ਕੁਮਾਰ -

ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਚਲਾਈ ਜਾ ਰਹੀ ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਤਹਿਤ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਸਿਹਤ ਵਿਭਾਗ ਦੇ ਸਹਿਯੋਗ ਨਾਲ ਅੱਜ ਗੋਲਡਨ ਗਰੁੱਪ ਆਫ਼ ਇੰਸਟੀਚਿਊਟ, ਗੁਰਦਾਸਪੁਰ ਵਿਖੇ ਧੀਆਂ ਦੀ ਲੋਹੜੀ ਦਾ ਜ਼ਿਲ੍ਹਾ ਪੱਧਰੀ ਸਮਾਗਮ ਕਰਵਾਇਆ ਗਿਆ। ਧੀਆਂ ਦੇ ਜ਼ਿਲ੍ਹਾ ਪੱਧਰੀ ਲੋਹੜੀ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ ਸ਼ਾਮਲ ਹੋਏ ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਹਰਜਿੰਦਰ ਸਿੰਘ ਬੇਦੀ ਨੇ ਹਾਜ਼ਰੀ ਭਰੀ। ਇਸ ਤੋਂ ਇਲਾਵਾ ਐੱਸ.ਡੀ.ਐੱਮ, ਗੁਰਦਾਸਪੁਰ ਡਾ. ਕਰਮਜੀਤ ਸਿੰਘ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ੍ਰੀਮਤੀ ਜਸਮੀਤ ਕੌਰ, ਸਿਵਲ ਸਰਜਨ ਡਾ. ਭਾਰਤ ਭੂਸ਼ਨ, ਗੋਲਡਨ ਗਰੁੱਪ ਆਫ਼ ਇੰਸਟੀਚਿਊਟ ਦੇ ਐੱਮ.ਡੀ. ਸ੍ਰੀ ਮੋਹਿਤ ਮਹਾਜਨ, ਜ਼ਿਲ੍ਹਾ ਪਰਿਵਾਰ ਤੇ ਭਲਾਈ ਅਫ਼ਸਰ ਡਾ. ਤਜਿੰਦਰ ਕੌਰ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਰੋਮੀ ਰਾਜਾ, ਜ਼ਿਲ੍ਹਾ ਪ੍ਰੋਗਰਾਮ ਦਫ਼ਤਰ ਤੋਂ ਸ੍ਰੀ ਸੁਨੀਲ ਕੁਮਾਰ, ਸ੍ਰੀ ਧੀਰਜ ਸ਼ਰਮਾ, ਅੰਕੁਸ਼ ਸ਼ਰਮਾ ਸਮੇਤ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਅਤੇ ਨਾਰੀ ਸ਼ਕਤੀ ਕੇਂਦਰ ਦਾ ਸਮੂਹ ਸਟਾਫ਼ ਹਾਜ਼ਰ ਸੀ।



ਨਵ-ਜੰਮੀਆਂ ਧੀਆਂ ਦੇ ਜ਼ਿਲ੍ਹਾ ਪੱਧਰੀ ਲੋਹੜੀ ਸਮਾਗਮ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਧੀਆਂ ਦੇ ਮਾਪਿਆਂ ਨੂੰ ਵਧਾਈ ਦੇਣ ਦੇ ਨਾਲ ਜ਼ਿਲ੍ਹੇ ਦੀਆਂ 100 ਨਵ-ਜੰਮੀਆਂ ਬੱਚੀਆਂ ਨੂੰ ਬੇਬੀ ਸੂਟ ਅਤੇ ਲੋਹੜੀ ਦਾ ਸਮਾਨ ਲੋਹੜੀ ਦੇ ਉਪਹਾਰ ਵਜੋਂ ਵੰਡਿਆ ਗਿਆ। ਇਸ ਤੋਂ ਇਲਾਵਾ ਜ਼ਿਲ੍ਹਾ ਗੁਰਦਾਸਪੁਰ ਦੀ ਹੋਣ-ਹਾਰ ਵਿਦਿਆਰਥਣ ਮਿਸ ਕਾਜਲ ਜੋ ਕਿ 100 ਫ਼ੀਸਦੀ ਦਿਵਿਆਂਗ ਹੈ, ਨੂੰ ਯੂ.ਪੀ.ਐੱਸ.ਸੀ. ਦੀ ਤਿਆਰੀ ਲਈ 5100 ਰੁਪਏ ਦੀ ਰਾਸ਼ੀ ਹੌਂਸਲਾ ਅਫ਼ਜਾਈ ਵਜੋਂ ਦਿੱਤੀ ਗਈ।

ਇਸ ਮੌਕੇ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਨਵ-ਜੰਮੀਆਂ ਧੀਆਂ ਦੇ ਮਾਪਿਆਂ ਤੇ ਪਰਿਵਾਰਾਂ ਨੂੰ ਲੋਹੜੀ ਦੀ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਉਹ ਬਹੁਤ ਭਾਗਾਂ ਵਾਲੇ ਹਨ ਜਿਨ੍ਹਾਂ ਦੇ ਘਰ ਇੱਕ ਨੰਨ੍ਹੀ ਪਰੀ ਨੇ ਜਨਮ ਲਿਆ ਹੈ। ਉਨ੍ਹਾਂ ਕਿਹਾ ਕਿ ਧੀਆਂ ਘਰ ਦੀ ਲੱਛਮੀ ਅਤੇ ਰੌਣਕ ਹੁੰਦੀਆਂ ਹਨ ਅਤੇ ਧੀਆਂ ਨਾਲ ਹੀ ਹਰ ਘਰ ਸੋਭਦਾ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਸੱਦਾ ਦਿੱਤਾ ਹੈ ਕਿ ਉਹ ਆਪਣੀਆਂ ਧੀਆਂ ਨੂੰ ਅੱਗੇ ਵਧਣ ਦੇ ਵੱਧ ਤੋਂ ਵੱਧ ਮੌਕੇ ਦੇਣ ਤਾਂ ਜੋ ਇਹ ਧੀਆਂ ਜ਼ਿੰਦਗੀ ਵਿੱਚ ਉੱਚੇ ਮੁਕਾਮ ਹਾਸਲ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰ ਸਕਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੀਆਂ ਧੀਆਂ ਨੂੰ ਹਰ ਖੇਤਰ ਵਿੱਚ ਅੱਗੇ ਵਧਣ ਲਈ ਉਤਸ਼ਾਹਤ ਕਰ ਰਹੀ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਵੀ ਨਵ-ਜੰਮੀਆਂ ਧੀਆਂ ਦੇ ਮਾਪਿਆਂ ਨੂੰ ਲੋਹੜੀ ਅਤੇ ਨਵੇਂ ਸਾਲ ਦੀ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਧੀਆਂ ਨੇ ਆਪਣੀ ਕਾਬਲੀਅਤ ਨਾਲ ਇਹ ਸਾਬਤ ਕਰ ਦਿੱਤਾ ਹੈ ਕਿ ਜੇਕਰ ਉਨ੍ਹਾਂ ਨੂੰ ਮੌਕੇ ਦਿੱਤੇ ਜਾਣ ਤਾਂ ਉਹ ਹਰ ਖੇਤਰ ਵਿੱਚ ਲੜਕਿਆਂ ਨੂੰ ਪਛਾੜ ਕੇ ਅੱਗੇ ਨਿਕਲ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਪੁਲਾੜ ਤੋਂ ਲੈ ਕੇ ਹਰ ਖੇਤਰ ਵਿੱਚ ਲੜਕੀਆਂ ਮੋਹਰੀ ਹਨ ਅਤੇ ਲੜਕੀਆਂ ਵੱਲੋਂ ਸਫਲਤਾ ਦੀਆਂ ਨਿੱਤ ਨਵੀਆਂ ਇਬਾਰਤਾਂ ਲਿਖੀਆਂ ਜਾ ਰਹੀਆਂ ਹਨ।

ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਕਿਹਾ ਕਿ ਹਾਲਾਂਕਿ ਸਮਾਜ ਵਿੱਚ ਲੜਕੀਆਂ ਪ੍ਰਤੀ ਸੋਚ ਵਿੱਚ ਤਬਦੀਲੀ ਤਾਂ ਆਈ ਹੈ ਪਰ ਅਜੇ ਵੀ ਲੜਕੇ ਤੇ ਲੜਕੀ ਵਿੱਚ ਜੋ ਭੇਦਭਾਵ ਕੀਤਾ ਜਾਂਦਾ ਹੈ ਉਸ ਨੂੰ ਖ਼ਤਮ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਧੀਆਂ ਪ੍ਰਤੀ ਲੋਕਾਂ ਦੀ ਹਾਂ-ਪੱਖੀ ਸੋਚ ਨੂੰ ਬਣਾਉਣ ਲਈ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੌਕੇ ਉਨ੍ਹਾਂ ਧੀਆਂ ਨੂੰ ਕਿਹਾ ਕਿ ਸਭ ਤੋਂ ਪਹਿਲਾਂ ਉਹ ਪੂਰੀ ਲਗਨ ਨਾਲ ਪੜ੍ਹਾਈ ਕਰਨ ਅਤੇ ਜਿਸ ਵੀ ਖੇਤਰ ਵਿੱਚ ਉਹ ਜਾਣਾ ਚਾਹੁੰਦੀਆਂ ਹਨ ਉਸ ਦੀ ਤਿਆਰੀ ਲਈ ਪੂਰੀ ਮਿਹਨਤ ਕਰਨ, ਸਫਲਤਾ ਉਨ੍ਹਾਂ ਦੇ ਕਦਮਾਂ ਨੂੰ ਜ਼ਰੂਰ ਛੂਹੇਗੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਹਰਜਿੰਦਰ ਸਿੰਘ ਬੇਦੀ ਨੇ ਵੀ ਅਪੀਲ ਕੀਤੀ ਕਿ ਧੀਆਂ ਨੂੰ ਵੱਧ ਤੋਂ ਵੱਧ ਪੜ੍ਹਾਇਆ ਜਾਵੇ ਤਾਂ ਜੋ ਉਹ ਜ਼ਿੰਦਗੀ ਵਿੱਚ ਉੱਚੇ ਮੁਕਾਮ ਹਾਸਲ ਕਰ ਸਕਣ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਦੀਆਂ ਧੀਆਂ ਨੇ ਹਰ ਖੇਤਰ ਵਿੱਚ ਵੱਡੀਆਂ ਪ੍ਰਾਪਤੀਆਂ ਕਰਕੇ ਆਪਣੇ ਮਾਪਿਆਂ, ਜ਼ਿਲ੍ਹੇ ਤੇ ਸੂਬੇ ਦਾ ਨਾਮ ਰੌਸ਼ਨ ਕੀਤਾ ਹੈ, ਜਿਸ ਲਈ ਸਾਨੂੰ ਸਾਰਿਆਂ ਨੂੰ ਉਨ੍ਹਾਂ 'ਤੇ ਮਾਣ ਹੈ।

# ਗਿੱਦੜਬਾਹਾ ਚੋ ਮੋਟਰਸਾਈਕਲ ਚੋਰੀ ਕੇਸ ਵਿੱਚ ਤਿੰਨ ਹੋਰ ਮੋਟਰਸਾਈਕਲ ਬਰਾਮਦ



ਗਿੱਦੜਬਾਹਾ (ਲੋਕ ਬਾਣੀ) ਥਾਣਾ ਗਿੱਦੜਬਾਹਾ ਦੀ ਪੁਲਿਸ ਨੇ ਚੋਰੀ ਦੇ ਦੋ ਮੋਟਰਸਾਈਕਲਾਂ ਸਮੇਤ ਬੀਤੇ ਦਿਨ 2 ਵਿਅਕਤੀਆਂ ਨੂੰ ਕਾਬੂ ਕਰਦੇ ਹੋਏ ਮੁਕੱਦਮਾ ਦਰਜ ਕੀਤਾ ਸੀ। ਉਕਤ ਮੁਕੱਦਮੇ ਵਿਚ ਅੱਗੇ ਤਫਤੀਸ਼ ਕਰਦੇ ਹੋਏ ਪੁਲਿਸ ਨੇ ਜਿੱਥੇ ਇਕ ਹੋਰ ਕਥਿਤ ਦੋਸ਼ੀ ਨੂੰ ਨਾਮਜਦ ਕੀਤਾ ਹੈ। ਉੱਥੇ ਹੀ 3 ਹੋਰ ਮੋਟਰਸਾਈਕਲ ਵੀ ਬਰਾਮਦ ਕੀਤੇ ਹਨ। ਇਸ ਸਬੰਧੀ ਆਪਣੇ ਦਫਤਰ ਵਿਖੇ ਆਯੋਜਿਤ ਪ੍ਰੈਸ ਕਾਨਫਰੰਸ ਵਿੱਚ ਡੀ ਐਸ ਪੀ ਅਵਤਾਰ ਸਿੰਘ ਰਾਜਪਾਲ ਅਤੇ ਐਸ ਐਚ ਓ ਦੀਪਿਕਾ ਕੰਬੋਜ ਨੇ ਦੱਸਿਆ ਕੀ ਥਾਣਾ ਗਿੱਦੜਬਾਹਾ ਦੇ ਏ ਐਸ ਆਈ ਜੰਗ ਸਿੰਘ ਨੇ ਦੋਰਾਨੇ ਗਸਤ ਸੂਚਨਾ ਮਿਲ਼ਣ ਤੇ ਵਕੀਲ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਕੋਟਭਾਈ ਅਤੇ ਜਗਨਦੀਪ ਸਿੰਘ ਪੁੱਤਰ ਸੋਹਨ ਸਿੰਘ ਵਾਸੀ ਇੰਦਰਾ ਨਗਰੀ ਗਲੀ ਨੰਬਰ 7 ਅਬੋਹਰ ਨੂੰ ਗ੍ਰਿਫਤਾਰ ਕਰਦੇ ਹੋਏ ਇਨਾ ਪਾਸੋਂ 2 ਮੋਟਰਸਾਈਕਲ ਬਰਾਮਦ ਕੀਤੇ ਸਨ ਉਨ੍ਹਾਂ ਦੱਸਿਆ ਕਿ ਪੁੱਛਗਿੱਛ ਦੌਰਾਨ ਉਕਤਾਨ ਦੋਸੀਆਨ ਪਾਸੋਂ ਇਕ ਮੋਟਰਸਾਈਕਲ ਮਾਰਕਾ ਸੀ ਡੀ ਡੀਲੈਕਸ ਬਿਨਾਂ ਨੰਬਰ ਅਤੇ 2 ਹੋਰ ਬਿਨਾਂ ਨੰਬਰੀ ਸਪਲੈਂਡਰ ਮੋਟਰਸਾਈਕਲ ਬਰਾਮਦ ਕਰਦੇ ਹੋਏ ਉਕਤ ਮੁਕੱਦਮੇ ਵਿਚ ਬੇਅੰਤ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਕੋਟਭਾਈ ਨੂੰ ਨਾਮਜਦ ਕੀਤਾ ਗਿਆ ਹੈ ਜਦੋਂ ਕਥਿਤ ਦੋਸ਼ੀ ਵਕੀਲ ਸਿੰਘ ਖਿਲਾਫ ਪਹਿਲਾਂ ਵੀ 2 ਮੁਕੱਦਮੇ ਦਰਜ ਹਨ। ਉਨ੍ਹਾਂ ਦੱਸਿਆ ਕਿ ਕਾਬੂ ਕੀਤੇ ਗਏ ਕਥਿਤ ਦੋਸ਼ੀਆਂਨ ਦਾ 3 ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ ਹੈ ਅਤੇ ਇੰਨਾ ਪਾਸੋਂ ਹੋਰ ਵੀ ਅਹਿਮ ਜਾਣਕਾਰੀਆ ਮਿਲ਼ਣ ਦੀ ਉਮੀਦ ਹੈ ਅਤੇ ਮੁਕੱਦਮੇ ਦੇ ਤੀਜੇ ਦੋਸ਼ੀ ਬੇਅੰਤ ਸਿੰਘ ਨੂੰ ਜਲਦੀ ਹੀ ਕਾਬੂ ਕਰ ਲਿਆ ਜਾਵੇਗਾ।

# ਤਹਿਸੀਲਦਾਰ ਦੇ ਨਾਂ ਤੇ 11000 ਰੁਪਏ ਦੀ ਰਿਸ਼ਵਤ ਲੈਂਦਾ ਹੋਇਆ ਵਸ਼ੀਕਾ ਨਵੀਸ ਰੰਗੇ ਹੱਥੀ ਗ੍ਰਿਫਤਾਰ ਪਰਚਾ ਦਰਜ

ਗਿੱਦੜਬਾਹਾ/(ਲੋਕ ਬਾਣੀ)/ਪੰਜਾਬ ਵਿਜੀਲੈਂਸ ਬਿਊਰੋ ਨੇ ਰਾਜ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਅਪਣਾਈ ਜੀਰੋ ਸਹਿਣਸ਼ੀਲਤਾ ਨੀਤੀ ਤਹਿਤ ਵਸੀਕਾ ਨਵੀਸ ਰਾਜ ਕੁਮਾਰ ਉਰਫ ਗਿੰਨੀ ਨੂੰ ਤਹਿਸੀਲਦਾਰ ਗਿੱਦੜਬਾਹਾ ਦੇ ਨਾਂਮ ਉਪਰ 11,000 ਰੁਪਏ ਬਤੌਰ ਰਿਸ਼ਵਤ ਹਾਸਲ ਕਰਦਿਆਂ ਰੰਗੇ ਹੱਥੀ ਗ੍ਰਿਫਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਗੁਰਦੀਪ ਸਿੰਘ ਵਾਸੀ ਸਰਾਭਾ ਨਗਰ ਮਲੋਟ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਸ਼ਿਕਾਇਤ ਦੇ ਆਧਾਰ ਤੇ ਦਰਜ਼ ਕੀਤਾ ਗਿਆ ਹੈ। ਬੁਲਾਰੇ ਨੇ ਹੋਰ ਵੇਰਵੇ ਦਿੰਦਿਆਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕੇ ਦੋਸ਼ ਲਗਾਇਆ ਕਿ ਉਸ ਵੱਲੋਂ ਆਪਣੀ ਪਤਨੀ ਦੇ ਨਾਂਮ ਉਪਰ ਪਿੰਡ ਹੁਸਨਰ ਵਿਖੇ ਜ਼ਮੀਨ ਖਰੀਦੀ ਸੀ। ਜਿਸ ਦੇ ਸਬੰਧ ਵਿੱਚ ਰਜਿਸਟਰੀ ਕਰਵਾਉਣ ਲਈ ਦਫਤਰ ਜਾਇੰਟ ਸਬ ਰਜਿਸਟਰਾਰ ਗਿੱਦੜਬਾਹਾ ਵਿਖੇ ਗਿਆ ਸੀ ਤਾਂ ਉੱਥੇ ਮੌਜੂਦ ਵਸੀਕਾ ਨਵੀਸ ਰਾਜ ਕੁਮਾਰ ਤੋਂ ਰਜਿਸਟਰੀ ਲਿਖਵਾਈ ਗਈ। ਤਹਿਸੀਲਦਾਰ ਦਫ਼ਤਰ ਵਿਖੇ ਰਜਿਸਟਰੀ ਜਮ੍ਹਾਂ ਕਰਵਾਉਣ ਤੋਂ ਬਾਅਦ ਉਕਤ ਮੁਲਜ਼ਮ ਨੇ ਦੱਸਿਆ ਕਿ ਤਹਿਸੀਲਦਾਰ ਗਿੱਦੜਬਾਹਾ ਵੱਲੋਂ ਇਹ ਰਜਿਸਟਰੀ ਕਰਨ ਬਦਲੇ 11,000/ਰੁਪਏ ਰਿਸ਼ਵਤ ਦੀ ਮੰਗ ਕੀਤੀ ਗਈ ਹੈ। ਸ਼ਿਕਾਇਤਕਰਤਾ ਨੇ ਉਕਤ ਵਸੀਕਾ ਨਵੀਸ ਨਾਲ ਰਿਸ਼ਵਤ ਦੇਣ ਸਬੰਧੀ ਫੋਨ ਉੱਪਰ ਹੋਈ ਗੱਲਬਾਤ ਦੀ ਰਿਕਾਰਡਿੰਗ ਕਰ ਲਈ ਜੋਂ ਵਿਜੀਲੈਂਸ ਬਿਊਰੋ ਨੂੰ ਸਬੂਤ ਵਜੋਂ ਸੌਂਪ ਦਿੱਤੀ। ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਬਿਊਰੋ ਯੂਨਿਟ ਸ਼੍ਰੀ ਮੁਕਤਸਰ ਸਾਹਿਬ ਦੀ ਟੀਮ ਨੇ ਸ਼ਿਕਾਇਤ ਵਿੱਚ ਲਗਾਏ ਦੋਸ਼ਾਂ ਦੀ ਪੜਤਾਲ ਕਰਨ ਉਪਰੰਤ ਜਾਲ ਵਿਛਾਇਆ ਅਤੇ ਵਸ਼ੀਕਾ ਨਵੀਸ਼ ਰਾਜ ਕੁਮਾਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤ ਕਰਤਾ ਪਾਸੋਂ 11 ਹਜਾਰ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀ ਗ੍ਰਿਫਤਾਰ ਕਰ ਲਿਆ ਅਤੇ ਰਜਿਸਟਰੀ ਵਸੀਕਾ ਨਵੀਸ ਦੇ ਦਫਤਰ ਦੇ ਦਰਾਜ਼ ਵਿੱਚੋਂ ਬਰਾਮਦ ਕਰ ਲਈ ਇਸ ਸਬੰਧੀ ਉਕਤ ਵਸੀਕਾ ਨਵੀਸ ਵਿਰੁੱਧ ਥਾਣਾ ਵਿਜੀਲੈਂਸ ਬਿਊਰੋ ਰੇਂਜ ਬਠਿੰਡਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।



SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ 82880 21797 82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018 WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
EDUCATIONAL SINCE 1958
64 YEARS EXCELLENCE
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565